**ਅੰਮ੍ਰਿਤਸਰ, 14 ਮਈ (ਆਵਾਜ਼ਿ ਕੌਮ ਬਿਊਰੋ)**-ਦੇਸ਼ ਦੇ ਯਸ਼ਸਵੀ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਇੱਕ ਅਜਿਹੇ ਮਹਾਨ ਇਨਸਾਨ ਹਨ ਜੋ ਔਖੇ ਸਮੇਂ ਤੇ ਦੇਸ਼ ਦੀ ਜਨਤਾ ਦੇ ਨਾਲ ਖੜੇ ਹੋਏ ਅਤੇ ਉਹਨਾਂ ਨੇ ਕੋਵਿਡ 19 ਦੇ ਸਮੇਂ ਤੇ ਦੇਸ਼ ਦੀ ਜਨਤਾ ਨੂੰ ਨਾ ਸਿਰਫ ਸੰਕਟ ਤੋਂ ਬਾਹਰ ਕੱਢਿਆ ਬਲਕਿ ਉਨਾਂ ਦੇ ਲਈ ਭੋਜਨ ਦਵਾਈ ਅਤੇ ਹੋਰ ਜਰੂਰੀ ਚੀਜ਼ਾਂ ਦੀ ਵਿਵਸਥਾ ਵੀ ਕੀਤੀ। ਇਹ ਗੱਲ ਵਾਰਡ ਨੰਬਰ 10, ਬੂਥ ਨੰਬਰ 90 ਦੇ ਗੰਡਾ ਸਿੰਘ ਇਲਾਕੇ ਵਿੱਚ ਹੋਈ ਮੀਟਿੰਗ ਦੇ ਦੌਰਾਨ ਸਥਾਨਕ ਲੋਕਾਂ ਨੇ ਕਹੀ। ਭਾਜਪਾ ਕਾਰਜਕਰਤਾ ਅਰਵਿੰਦ ਕੁਮਾਰ, ਜਤਿੰਦਰ ਪਾਲ ਤੇ ਕੈਲਾਸ਼ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੇ ਦੌਰਾਨ ਸੰਗਠਨ ਮੰਤਰੀ ਅਰੁਣ, ਹਲਕਾ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ, ਮਹਿਲਾ ਮੋਰਚਾ ਪ੍ਰਧਾਨ ਸ਼ਰੂਤੀ ਵਿਜ, ਨਾਰਥ ਬਾਈਪਾਸ ਮੰਡਲ ਦੇ ਪ੍ਰਧਾਨ ਕਿਸ਼ੋਰ ਰੈਣਾ, ਸ਼ਕਤੀ ਕੇਂਦਰ ਪ੍ਰਮੁੱਖ ਪ੍ਰਮੋਦ ਮਹਾਜਨ, ਆਈ.ਟੀ ਸੈਲ ਕਨਵੀਨਰ ਪ੍ਰੋਫੈਸਰ ਭਨੋਟ ਤੇ ਹੋਰ ਲੋਕ ਵਿਸ਼ੇਸ਼ ਰੂਪ ਵਿੱਚ ਹਾਜਰ ਸਨ। ਗੰਡਾ ਸਿੰਘ ਨਿਵਾਸੀਆ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਚਲਾਈ ਜਾ ਰਹੀਆਂ ਵਿਭਿੰਨ ਸਕੀਮਾਂ ਦਾ ਉਹਨਾਂ ਨੂੰ ਸਿੱਧਾ ਲਾਭ ਮਿਲਿਆ ਹੈ। ਸੁਖਵਿੰਦਰ ਸਿੰਘ ਨੇ ਕਿਹਾ ਕਿ ਉਹਨਾਂ ਦੀ ਬੇਟੀ ਜਦ ਬਿਮਾਰ ਹੋਈ ਤਾਂ ਇੱਕ ਪ੍ਰਾਈਵੇਟ ਹਸਪਤਾਲ ਵਿੱਚ ਦਾਖਲ ਕਰਵਾਇਆ ਜਿੱਥੇ ਡੇਢ ਲੱਖ ਦਾ ਖਰਚਾ ਆਇਆ ਅਤੇ ਮੋਦੀ ਸਰਕਾਰ ਵੱਲੋਂ ਚਲਾਈ ਜਾ ਰਹੀ ਸਕੀਮ ਆਯੁਸ਼ਮਾਨ ਭਾਰਤ ਸਵਾਸਥ ਬੀਮਾ ਯੋਜਨਾ ਦੇ ਤਹਿਤ ਬਣੇ ਕਾਰਡ ਨਾਲ ਉਨਾਂ ਦੀ ਬੇਟੀ ਦਾ ਫਰੀ ਇਲਾਜ ਹੋਇਆ। ਰਾਜਵਿੰਦਰ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਭੇਜੀ ਜਾ ਰਹੀ ਰਾਸ਼ਨ ਸੰਜੀਵਨੀ ਦੀ ਤਰ੍ਹਾਂ ਉਹਨਾਂ ਸਾਰੇ ਪਰਿਵਾਰਾਂ ਲਈ ਕੰਮ ਆ ਰਹੀ ਹੈ ਜੋ ਆਰਥਿਕ ਰੂਪ ਵਿੱਚ ਕਮਜ਼ੋਰ ਹਨ। ਉਥੇ ਰਾਹੁਲ ਕੁਮਾਰ ਨੇ ਕਿਹਾ ਕਿ ਉਹਨਾਂ ਦੇ ਘਰ ਵਿੱਚ ਪਹਿਲਾਂ ਚੁਲਾ ਬਲਦਾ ਸੀ ਹੁਣ ਉਜਵਲਾ ਯੋਜਨਾ ਦੇ ਤਹਿਤ ਘਰ ਵਿੱਚ ਗੈਸ ਸਿਲੰਡਰ ਹੈ ਜਿਸ ਨਾਲ ਹੁਣ ਉਹਨਾਂ ਦੀ ਮਾਂ ਨੂੰ ਖਾਣਾ ਬਣਾਉਣ ਦੇ ਲਈ ਧੂਏਂ ਦਾ ਸਾਹਮਣਾ ਨਹੀਂ ਕਰਨਾ ਪੈਂਦਾ। ਵਾਰਡ ਇੰਚਾਰਜ ਤੇ ਮਹਿਲਾ ਮੋਰਚਾ ਪ੍ਰਧਾਨ ਸ਼ਰੂਤੀ ਵਿਜ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਾਭਾਰਥੀਆਂ ਦੇ ਨੀਲੇ ਕਾਰਡ ਕੱਟ ਕੇ ਧੋਖਾ ਕੀਤਾ ਹੈ। ਵਾਸਤਵ ਵਿੱਚ ਜਿਨਾਂ ਨੂੰ ਰਾਸ਼ਨ ਦੀ ਜਰੂਰਤ ਸੀ ਹੁਣ ਉਹ ਰਾਸ਼ਨ ਤੋਂ ਵਾਂਝੇ ਹਨ। ਬਿਨਾਂ ਕਿਸੇ ਜਾਂਚ ਅਤੇ ਪੁੱਛ ਗਿੱਛ ਤੋ ਕੀਤੀ ਇਸ ਕਾਰਵਾਈ ਦੇ ਨਾਲ ਆਰਥਿਕ ਰੂਪ ਵਿੱਚ ਕਮਜ਼ੋਰ ਲੋਕਾਂ ਦੇ ਲਈ ਮੁਸ਼ਿਕਲ ਖੜੀ ਹੋ ਗਈ ਹੈ। ਉਹਨਾਂ ਕਿਹਾ ਕਿ ਕਮਜ਼ੋਰ ਵਰਗ ਦੇ ਲਈ ਸਰਕਾਰ ਅਭਿਸ਼ਾਪ ਹੈ ਕਿਉਂਕਿ ਜਿੱਥੇ ਆਮ ਜਨਤਾ ਦੀ ਸੁਣਵਾਈ ਨਹੀਂ ਉਥੇ ਸਰਕਾਰ ਹੋਣ ਦਾ ਕੋਈ ਲਾਭ ਨਹੀਂ। ਸ਼ਰੂਤੀ ਵਿਜ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਭੇਜੀ ਜਾ ਰਹੀ ਅਨਾਜ ਤੇ ਪੰਜਾਬ ਸਰਕਾਰ ਵੱਲੋਂ ਕੀਤੀ ਗਈ ਸੇਂਧਮਾਰੀ ਨਾਲ ਪਿਸ ਰਹੇ ਪਰਿਵਾਰ ਇਸ ਲੋਕ ਮਾਰੂ ਨੀਤੀ ਤੋਂ ਨਾ ਖ਼ੁਸ਼ ਹਨ। ਜਨਤਾ ਆਮ ਆਦਮੀ ਪਾਰਟੀ ਦੇ ਖਿਲਾਫ ਵੋਟਿੰਗ ਕਰਦੇ ਹੋਏ ਭਾਜਪਾ ਦੇ ਪੱਖ ਚ ਵੋਟ ਕਰੇਗੀ ਅਤੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ ਵਿੱਚ ਵੋਟ ਕਰਦੇ ਹੋਏ ਉਹਨਾਂ ਨੂੰ ਲੋਕ ਸਭਾ ਵਿੱਚ ਭੇਜ ਕੇ ਅੰਮ੍ਰਿਤਸਰ ਦੀ ਆਵਾਜ਼ ਬਣਾਏਗੀ। ਇਸ ਦੌਰਾਨ ਸੁਖਮਿੰਦਰ ਸਿੰਘ ਪਿੰਟੂ ਵੱਲੋਂ ਲੋਕਾਂ ਨੂੰ ਭਾਜਪਾ ਦੇ ਪਖ ਵਿੱਚ ਵੋਟ ਪਾਉਣ ਲਈ ਲਾਮਬੰਦ ਕੀਤਾ ਗਿਆ ਉੱਥੇ ਸੰਗਠਨ ਮੰਤਰੀ ਅਰੁਣ ਵੱਲੋਂ ਜਨ ਸੰਪਰਕ ਅਭਿਆਨ ਵਿੱਚ ਤੇਜੀ ਲਿਆਉਣ ਦੇ ਲਈ ਕਾਰਜਕਰਤਾਵਾਂ ਨੂੰ ਪ੍ਰੇਰਿਤ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV

ਹਲਕਾ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਚੜ੍ਹਦੀ ਕਲ੍ਹਾ ਲਈ

# ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ



**ਜੰਡਿਆਲਾ ਗੁਰੂ, 14 ਮਈ (ਕੁਲਵੰਤ ਸਿੰਘ ਵਿਰਦੀ )**-ਅੱਜ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਵਿਖੇ ਗੁਰਦੁਆਰਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਵਾਰਿਸ ਪੰਜਾਬ ਦੇ ਮੁੱਖੀ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ ਦੀ ਚੜ੍ਹਦੀਕਲਾ ਅਤੇ ਇਲੈਕਸ਼ਨ ਵਿਚ ਜਿੱਤ ਪ੍ਰਾਪਤੀ ਲਈ ਗੁਰਦੁਆਰਾ ਨਾਨਕਸਰ ਸਾਹਿਬ ਜੀ ਵਿਖੇ 12 ਮਈ ਦਿਨ ਐਤਵਾਰ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ ਅਤੇ ਅੱਜ 14 ਮਈ ਦਿਨ ਮੰਗਲਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਭੋਗ ਤੋਂ ਉਪਰੰਤ ਗੁਰੂ ਸਾਹਿਬ ਜੀ ਦੇ ਸਜੇ ਦਰਬਾਰ ਵਿੱਚ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਹਜ਼ੂਰੀ ਰਾਗੀ ਭਾਈ ਜਸਕਰਨ ਸਿੰਘ ਜੀ ਅੰਮ੍ਰਿਤਸਰ ਸਾਹਿਬ ਵਾਲੇ ਅਤੇ ਉਨ੍ਹਾਂ ਦੇ ਸਾਥੀ ਭਾਈ ਸਿੰਘ ਜੀ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾ ਕੀਤਾ ਕੀਰਤਨ ਦੀ ਸਮਾਪਤੀ ਤੋਂ ਉਪਰੰਤ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਇਸ ਮੌਕੇ ਵਿਸ਼ੇਸ਼ ਤੌਰ ਤੇ ਸੰਗਤਾਂ ਦੇ ਦਰਸ਼ਨਾਂ ਕਰਨ ਪਹੁੰਚੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਤਾ ਮਾਤਾ ਬਲਵਿੰਦਰ ਕੌਰ ਜੀ ਨੂੰ ਬਾਬਾ ਬਿਬੇਕ ਸਿੰਘ ਜੀ ਅਤੇ ਬਲਵੰਤ ਸਿੰਘ ਪੰਡੋਰੀ ਵੱਲੋਂ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਸਿਰਪਾਓ ਪਾ ਕਿ ਵਿਸ਼ੇਸ਼ ਸਨਮਾਨ ਕੀਤਾ ਗਿਆ। ਮਾਤਾ ਬਲਵਿੰਦਰ ਕੌਰ ਜੀ ਨੇ ਗੁਰੂ ਸਾਹਿਬ ਜੀ ਦੀ ਗੋਦ ਵਿੱਚ ਬੈਠੇ ਚੌਰ ਸਾਹਿਬ ਜੀ ਦੀ ਸੇਵਾ ਨਿਭਾ ਰਹੇ ਭਾਈ ਸਾਹਿਬ ਜੀ ਅਤੇ ਕੀਰਤਨੀ ਜਥੇ ਤੇ ਭਾਈ ਅਰਦਾਸੀ ਸਿੰਘ ਦੇ ਨਾਲ ਦੇ ਸਾਥੀਆਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਗੁਰਦੁਆਰਾ ਨਾਨਕਸਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਸੰਗਤਾਂ ਨੂੰ ਜੀ ਆਇਆ ਆਖਿਆ ਅਤੇ ਧੰਨਵਾਦ ਕੀਤਾ ਇਸ ਮੌਕੇ ਤੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ, ਕਿਸ਼ਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ, ਤੋਂ ਇਲਾਵਾ ਦਰਸ਼ਨ ਸਿੰਘ ਜਾਣੀਆਂ, ਬਲਵਿੰਦਰ ਸਿੰਘ ਕੰਗ, ਭੁ ਮਨਦੀਪ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਮਨੋਜ ਸਿੰਘ ਨਵਾਂ ਕੋਟ, ਭਾਈ ਜਸਬੀਰ ਸਿੰਘ ਮੱਲੀ, ਭਾਈ ਸੁਰਜੀਤ ਸਿੰਘ, ਭਾਈ ਸਿਰਮਨਜੀਤ ਸਿੰਘ ਢਾਬੇ ਵਾਲੇ, ਭਾਈ ਪਵਨਪ੍ਰੀਤ ਸਿੰਘ ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਰਵਾਨਗੀ ਮੌਕੇ ਮਾਤਾ ਬਲਵਿੰਦਰ ਕੌਰ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਅਸੀਂ ਮੀਡੀਆ ਦੇ ਮਾਧੀਅਮ ਰਾਹੀਂ ਸਮੂਹ ਸੰਗਤਾਂ ਨੂੰ ਅਤੇ ਹਲਕਾ ਖਡੂਰ ਸਾਹਿਬ ਜੀ ਦੀਆਂ ਸੰਗਤਾਂ ਨੂੰ ਹੱਥ ਜੋੜ ਕੇ ਬੇਨਤੀ ਕਰਦੇ ਹਾਂ ਕਿ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਕੇ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਵੱਧ ਤੋਂ ਵੱਧ ਵੋਟਾਂ ਪਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਅਤੇ ਬਾਕੀ ਬੰਦੀ ਸਿੰਘਾਂ ਦੀ ਰਿਹਾਈ ਲਈ ਪਹਿਲ ਕਦਮੀਂ ਕਰੋ।

**ਬਾਬਾ ਬਿਬੇਕ ਸਿੰਘ, ਮਾਤਾ ਬਲਵਿੰਦਰ ਕੌਰ ਜੀ ਨੇ ਸੰਗਤਾਂ ਨੂੰ ਕੀਤੀ ਅਪੀਲ ਵੱਧ ਤੋਂ ਵੱਧ ਵੋਟਾਂ ਪਾ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਪਹਿਲ ਕਦਮੀਂ ਕਰੋ**

ਆਵਾਜ਼ਿ ਕੌਮ AWAZE QAUM International Newspaper & WEB TV

ਪੰਥ ਦੀ ਮਹਾਨ ਸ਼ਖਸ਼ੀਅਤ ਸਵ: ਸ. ਬਸੰਤ ਸਿੰਘ ਖਾਲਸਾ ਦੇ ਸਪੁੱਤਰ ਸ ਬਿਕਰਮਜੀਤ ਸਿੰਘ ਖਾਲਸਾ ਦੇ ਪਿਆਰ ਪ੍ਰਤੀ

# ਸ਼੍ਰੀ ਫਤਿਹਗੜ੍ਹ ਸਾਹਿਬ ਤੋਂ ਅਕਾਲੀ ਲਹਿਰ ਪ੍ਰਚੰਡ

ਗੁਰੂਸਰ ਸੁਧਾਰ (ਗੁਰਜੰਟ ਸਿੰਘ ਖਾਲਸਾ)-: ਸ਼ਹੀਦਾਂ ਦੀ ਪਾਵਨ ਪਵਿੱਤਰ ਧਰਤੀ ਪੰਥਕ ਲੋਕ ਸਭਾ ਹਲਕਾ ਸ਼੍ਰੀ ਫਤਿਹਗੜ੍ਹ ਸਾਹਿਬ ਤੋ ਪੰਥ ਦੀ ਮਹਾਨ ਸ਼ਖਸ਼ੀਅਤ ਪੰਜਾਬ ਅਤੇ ਅਤੇ ਪੰਜਾਬੀਅਤ ਸਿੱਖ ਕੌਮ ਲਈ ਵੱਡੀਆਂ ਕੁਰਬਾਨੀਆਂ ਕਰ ਤੱਤੀਆਂ ਹਵਾਵਾਂ ਦਾ ਸੇਕ ਆਪਣੇ ਮੋਢਿਆਂ ਤੇ ਹੜਢਾਉਣ ਵਾਲੇ ਸ. ਬਸੰਤ ਸਿੰਘ ਖਾਲਸਾ ਦੇ ਸਪੁੱਤਰ ਬਿਕਰਮਜੀਤ ਸਿੰਘ ਖਾਲਸਾ ਦੀ ਬੇਹੱਦ ਨਿਮਰ ਸੁਭਾਅ ਸੇਵਾ ਭਾਵਨਾ ਜੋ ਉਹਨਾਂ ਨੂੰ ਪਰਿਵਾਰ ਵਿੱਚੋਂ ਹੀ ਗੁੜਤੀ ਵਿੱਚ ਪ੍ਰਾਪਤ ਹੋਈ ਦੇ ਨਕਸ਼ੇ ਕਦਮਾਂ ਤੇ ਚੱਲਦਿਆਂ ਹਰ ਇੱਕ ਵਰਗ ਦੇ ਲੋਕਾਂ ਨਾਲ ਪਿਆਰ ਸਦਕਾ ਪੰਥਕ ਸੀਟ ਸ਼੍ਰੀ ਫਤਿਹਗੜ੍ਹ ਸਾਹਿਬ ਤੋਂ ਸਰਦਾਰ ਬਿਕਰਮਜੀਤ ਸਿੰਘ ਖਾਲਸਾ ਦੇ ਹੱਕ ਵਿੱਚ ਅਕਾਲੀ ਲਹਿਰ ਪੂਰੇ ਜੋਬਨ ਉੱਪਰ ਆ ਕੇ ਪ੍ਰਚੰਡ ਹੋ ਚੁੱਕੀ ਹਰ ਇੱਕ ਵਰਗ ਦੇ ਲੋਕ ਸਰਦਾਰ ਬਿਕਰਮਜੀਤ ਸਿੰਘ ਖਾਲਸਾ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰ ਰਹੇ ਪ੍ਰੈਸ ਵੱਲੋਂ ਜ਼ੀਰੋ ਲੈਵਲ ਗਰਾਊਂਡ ਤੇ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਲੋਕਾਂ ਦੇ ਵਿਚਾਰ ਸਨ ਕਿ ਪੰਜਾਬ ਅਤੇ ਪ੍ਰਾਂਤ ਪ੍ਰਤੀ ਕੀਤੀਆਂ ਕੁਰਬਾਨੀਆਂ ਦੇ ਮੱਦੇ ਨਜ਼ਰ ਪੰਜਾਬ ਵਿੱਚ ਸੇਵਾ ਭਾਵਨਾ ਨੂੰ ਪੂਰੀ ਤਰ੍ਹਾਂ ਸਮਰਪਿਤ ਸ਼੍ਰੋਮਣੀ ਅਕਾਲੀ ਦਲ ਦੇ ਪੰਥਕ ਉਮੀਦਵਾਰ ਸਰਦਾਰ ਬਿਕਰਮਜੀਤ ਸਿੰਘ ਖਾਲਸਾ ਨੂੰ ਪੂਰਨ ਸਹਿਯੋਗ ਕੀਤਾ ਜਾਵੇਗਾ ਅਤੇ ਹੋਰ ਸਿੱਖ ਜਥੇਬੰਦੀਆਂ ਨੂੰ ਵੀ ਖਾਲਸਾ ਪਰਿਵਾਰ ਵੱਲੋਂ ਕੀਤੀਆਂ ਕੁਰਬਾਨੀਆਂ ਨੂੰ ਯਾਦ ਕਰਕੇ ਸਰਦਾਰ ਬਿਕਰਮਜੀਤ ਸਿੰਘ ਖਾਲਸਾ ਦੇ ਹੱਕ ਵਿੱਚ ਫਤਵਾ ਦੇਣ ਲਈ ਅਪੀਲ ਵੀ ਕੀਤੀ ਤਾਂ ਜੋ ਲੋਕ ਸਭਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਪੰਥਕ ਉਮੀਦਵਾਰ ਸ. ਬਿਕਰਮਜੀਤ ਸਿੰਘ ਖਾਲਸਾ ਜੀ ਨੂੰ ਜਿੱਤਾ ਕੇ ਸਰਕਾਰ ਵਿੱਚ ਭੇਜਿਆ ਜਾਵੇ ਅਤੇ ਆਪਣੇ ਪੰਜਾਬ, ਬੰਦੀ ਸਿੱਖਾਂ ਦੇ ਮਸਲੇ ਹੱਲ ਕਰਵਾਉਣ ਲਈ ਆਵਾਜ਼ ਬੁਲੰਦ ਕਰ ਸਕੀਏ।

ਆਵਾਜ਼ਿ ਕੌਮ AWAZE QAUM International Newspaper & WEB TV



# ਕਾਂਗਰਸ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਨੇ ਬੁੱਢਾ ਦਲ ਮੁਖੀ ਬਾਬਾ ਬਲਬੀਰ ਸਿੰਘ ਨਾਲ ਕੀਤੀ ਮੁਲਾਕਾਤ



ਤਲਵੰਡੀ ਸਾਬੋ, 14 ਮਈ (ਗੁਰਜੰਟ ਸਿੰਘ ਨਥੇਹਾ)- ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸੀ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਵੱਲੋਂ ਆਪਣੀ ਚੋਣ ਮੁਹਿੰਮ ਲਈ ਸਮੱਰਥਨ ਹਾਸਿਲ ਕਰਨ ਦੇ ਮੰਤਵ ਨਾਲ ਧਾਰਮਿਕ ਅਤੇ ਸਮਾਜਿਕ ਸਖਸ਼ੀਅਤਾਂ ਨਾਲ ਮੁਲਾਕਾਤ ਕਰਨ ਦੀ ਆਰੰਭੀ ਲੜੀ ਤਹਿਤ ਅੱਜ ਉਨਾਂ ਨੇ ਨਿਹੰਗ ਸਿੰਘਾਂ ਦੀ ਸਿਰਮੌਰ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੱਢਾ ਦਲ (96 ਕ੍ਰੋੜੀ) ਦੇ ਮੁਖੀ ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਨਾਲ ਮੁਲਾਕਾਤ ਕੀਤੀ। ਜੀਤਮਹਿੰਦਰ ਸਿੰਘ ਸਿੱਧੂ ਨੇ ਅੱਜ ਸਭ ਤੋਂ ਪਹਿਲਾਂ ਸਵੇਰੇ ਬੁੱਢਾ ਦਲ ਮੁੱਖ ਅਸਥਾਨ ਗੁ: ਬੇਰ ਸਾਹਿਬ ਦੇਗਸਰ (ਪਾ:10ਵੀਂ) ਛਾਉਣੀ ਨਿਹੰਗ ਸਿੰਘਾਂ ਵਿਖੇ ਪੁੱਜਕੇ ਸੰਗਰਾਦ ਮੌਕੇ ਸਜਾਏ ਧਾਰਮਿਕ ਦੀਵਾਨਾਂ 'ਚ ਹਾਜ਼ਰੀ ਭਰੀ। ਦੀਵਾਨਾਂ 'ਚ ਹਾਜ਼ਰੀ ਭਰਨ ਦੌਰਾਨ ਬੁੱਢਾ ਦਲ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਨੇ ਸਿੱਧੂ ਨੂੰ ਸਿਰੋਪਾਓ ਦੀ ਬਖਸ਼ਿਸ ਕੀਤੀ। ਉਪਰੰਤ ਸਿੱਧੂ ਨੇ ਬਾਬਾ ਬਲਬੀਰ ਸਿੰਘ ਦੇ ਸਥਾਨ 'ਤੇ ਉਨਾਂ ਨਾਲ ਕਈ ਮਸਲਿਆਂ 'ਤੇ ਵੀਚਾਰ ਚਰਚਾ ਕੀਤੀ। ਮੁਲਾਕਾਤ ਉਪਰੰਤ ਗੱਲਬਾਤ ਕਰਦਿਆਂ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਉਨ੍ਹਾਂ ਦੇ ਪਿਛਲੇ ਲੰਬੇ ਸਮੇਂ ਤੋਂ ਦਲ ਪੰਥ ਨਾਲ ਸੁਹਿਰਦ ਸਬੰਧ ਰਹੇ ਹਨ ਅਤੇ ਉਹ ਅਕਸਰ ਹੀ ਬੁੱਢਾ ਦਲ ਮੁਖੀ ਬਾਬਾ ਬਲਬੀਰ ਸਿੰਘ ਨਾਲ ਮੁਲਾਕਾਤ ਲਈ ਪੁੱਜਦੇ ਰਹਿੰਦੇ ਹਨ। ਸਿੱਧੂ ਦੇ ਸਨਮਾਨ ਮੌਕੇ ਬੁੱਢਾ ਦਲ ਮੁਖੀ ਬਾਬਾ ਬਲਬੀਰ ਸਿੰਘ ਨਾਲ ਬਾਬਾ ਜੱਸਾ ਸਿੰਘ ਤਲਵੰਡੀ ਸਾਬੋ, ਬਾਬਾ ਮੱਘਰ ਸਿੰਘ ਹੈਂਡ ਗ੍ਰੰਥੀ, ਬਾਬਾ ਇੰਦਰ ਸਿੰਘ, ਭਾਈ ਹਰਪ੍ਰੀਤ ਸਿੰਘ ਹਜ਼ੂਰੀ ਸੇਵਾਦਾਰ, ਭਾਈ ਮਾਨ ਸਿੰਘ ਲਿਖਾਰੀ ਬੁੱਢਾ ਦਲ, ਬਾਬਾ ਜੋਗਾ ਸਿੰਘ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਕਾਸ਼ੀ ਯੂਨੀਵਰਸਿਟੀ ਦੇ ਤਲਵਾਰਬਾਜ਼ ਰਾਜੀਵ ਬੋਰੋ ਦੀ ਸੀਨੀਅਰ ਏਸ਼ੀਅਨ ਚੈਂਪੀਅਨਸ਼ਿਪ-2024 ਲਈ ਚੋਣ



ਤਲਵੰਡੀ ਸਾਬੋ, 14 ਮਈ (ਗੁਰਜੰਟ ਸਿੰਘ ਨਰ) ਸ਼ਿਰੀ ਫੋਰਟ ਕਪਲੈਕਸ ਨਵੀਂ ਦਿੱਲੀ ਵਿਖੇ ਹੋਏ ਚੋਣ ਮੁਕਾਬਲਿਆਂ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਤਲਵਾਰਬਾਜ਼ ਰਾਜੀਵ ਬੋਰੋ ਨੇ ਫੋਇਲ ਇਵੈਂਟ ਵਿੱਚ ਤੀਜਾ ਸਥਾਨ ਹਾਸਲ ਕਰਕੇ ਸੀਨੀਅਰ ਏਸ਼ੀਅਨ ਚੈਂਪੀਅਨਸ਼ਿਪ-2024 ਲਈ ਕੁਆਲੀਫਾਈ ਕੀਤਾ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ ਰਾਜੀਵ ਅੰਤਰ ਰਾਸ਼ਟਰੀ ਪੱਧਰ ਤੇ 'ਵਰਸਿਟੀ ਅਤੇ ਭਾਰਤ ਦੀ ਨੁਮਾਇੰਦਗੀ ਨਾਲ ਇਲਾਕੇ ਦਾ ਨਾਮ ਰੋਸ਼ਨ ਕਰੇਗਾ। ਉਨ੍ਹਾਂ ਆਪਣੇ ਵਧਾਈ ਸੰਦੇਸ਼ ਵਿੱਚ ਕਿਹਾ ਕਿ 'ਵਰਸਿਟੀ ਵੱਲੋਂ ਦਿੱਤੀਆਂ ਜਾ ਰਹੀਆਂ ਖੇਡ ਸਹੂਲਤਾਂ ਨੇ ਇਲਾਕੇ ਵਿੱਚ ਤਲਵਾਰਬਾਜ਼ੀ ਦੀ ਖੇਡ ਨੂੰ ਲੋਕਾਂ ਵਿੱਚ ਹਰਮਨ ਪਿਆਰਾ ਕੀਤਾ ਹੈ। ਇਸ ਲਈ 'ਵਰਸਿਟੀ ਜਲਦੀ ਹੀ ਤਲਵਾਰਬਾਜ਼ੀ ਦੀ ਅਕਾਦਮੀ ਸ਼ੁਰੂ ਕਰਨ ਜਾ ਰਹੀ ਹੈ ਤਾਂ ਕਿ ਉੱਭਰ ਰਹੇ ਤਲਵਾਰਬਾਜ਼ਾਂ ਨੂੰ ਉੱਤਮ ਕੋਚਿੰਗ ਅਤੇ ਖੇਡ ਸਹੂਲਤਾਂ ਸਥਾਨਕ ਪੱਧਰ ਤੇ ਉਪਲਬਧ ਹੋ ਸਕਣ। ਉਨ੍ਹਾਂ ਖਿਡਾਰੀਆਂ ਨੂੰ ਆਪਣਾ ਖੇਡ ਪੱਧਰ ਉੱਚਾ ਚੁੱਕਣ ਲਈ ਵਰਸਿਟੀ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਦੇ ਵਾਅਦੇ ਨੂੰ ਦੋਹਰਾਇਆ। ਉਪ ਕੁਲਪਤੀ ਪ੍ਰੋ. (ਡਾ.) ਐਸ.ਕੇ.ਬਾਵਾ ਨੇ ਕਿਹਾ ਕਿ ਰਾਜੀਵ ਬੋਰੋ 21 ਜੂਨ ਤੋਂ 27 ਜੂਨ ਤੱਕ ਕੁਵੈਤ ਵਿਖੇ ਹੋਣ ਜਾ ਰਹੀ ਚੈਂਪੀਅਨਸ਼ਿਪ ਵਿੱਚ ਭਾਰਤ ਦੀ ਨੁਮਾਇੰਦਗੀ ਕਰੇਗਾ ਜੋ ਇਲਾਕੇ ਅਤੇ ਯੂਨੀਵਰਸਿਟੀ ਲਈ ਪ੍ਰੇਰਣਾ ਦਾ ਕੰਮ ਕਰੇਗੀ। ਉਨ੍ਹਾਂ ਇਸ ਪ੍ਰਾਪਤੀ ਤੇ 'ਵਰਸਿਟੀ ਪ੍ਰਬੰਧਕਾਂ, ਡਾਇਰੈਕਟਰ ਖੇਡਾਂ, ਕੋਚ ਅਮਨਦੀਪ ਕੌਰ ਨੂੰ ਵਧਾਈ ਦਿੱਤੀ ਅਤੇ ਉਜੱਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਭੇਂਟ ਕੀਤੀਆਂ। ਡਾ. ਬਲਵਿੰਦਰ ਕੁਮਾਰ ਸ਼ਰਮਾ, ਨਿਰਦੇਸ਼ਕ ਖੇਡਾਂ ਨੇ ਦੱਸਿਆ ਕਿ ਦਿੱਲੀ ਵਿਖੇ ਹੋਏ ਚੋਣ ਮੁਕਾਬਲਿਆਂ ਵਿੱਚ ਭਾਰਤ ਦੇ ਚੋਟੀ ਦੇ 16 ਤਲਵਾਰਬਾਜਾਂ ਨੇ ਹਿੱਸਾ ਲਿਆ ਸੀ। ਜਿਸ ਵਿੱਚ ਬੋਰੋ ਨੇ ਆਪਣੇ ਖੇਡ ਕੋਸ਼ਲ ਸਦਕਾ ਵਿਰੋਧੀ ਖਿਡਾਰੀਆਂ ਨੂੰ ਹਰਾਇਆ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਖਿਡਾਰੀ ਦੇ ਸ਼ਾਨਦਾਰ ਅਭਿਆਸ, ਮਿਹਨਤ ਅਤੇ ਸਮਰਪਣ ਵੇਖਕੇ ਲਗਦਾ ਹੈ ਕਿ ਇਹ ਆਉਣ ਵਾਲੀਆਂ ਓਲੰਪਿਕ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰ ਸਿਮਰਨਜੀਤ ਸਿੰਘ ਮਾਨ ਦੇ ਸਪੁੱਤਰ ਸ੍ਰ ਈਮਾਨ ਸਿੰਘ ਮਾਨ ਨੇ

# ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਨਾਮਜ਼ਦਗੀ ਕਾਗਜ਼ ਕੀਤੇ ਦਾਖਲ



**ਅੰਮ੍ਰਿਤਸਰ, 14 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸ੍ਰੀ ਅੰਮ੍ਰਿਤਸਰ ਸਾਹਿਬ ਤੋ ਲੋਕ ਸਭਾ ਉਮੀਦਵਾਰ ਵੱਜੋਂ ਸ੍ਰ ਈਮਾਨ ਸਿੰਘ ਜੀ ਮਾਨ ਨੇ ਨਾਮਜ਼ਦਗੀ ਕਾਗਜ਼ ਦਾਖਲ ਕੀਤੇ। ਇਸ ਮੌਕੇ ਤੇ ਪਾਰਟੀ ਸੁਪਰੀਮੋ ਤੇ ਲੋਕ ਸਭਾ ਹਲਕਾ ਸੰਗਰੂਰ ਤੋਂ ਐਮ ਪੀ ਅਤੇ ਮੌਜੂਦਾ ਲੋਕ ਸਭਾ ਉਮੀਦਵਾਰ ਸ੍ਰ ਈਮਾਨ ਸਿੰਘ ਜੀ ਮਾਨ ਦੇ ਪਿਤਾ ਸ੍ਰ ਸਿਮਰਨਜੀਤ ਸਿੰਘ ਜੀ

**☛ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਰਬ-ਪੱਖੀ ਵਿਕਾਸ, ਭਾਰਤ-ਪਾਕਿਸਤਾਨ ਵਪਾਰਕ ਸਾਂਝ ਅਤੇ ਸਿੱਖ ਕੌਮ ਦੇ ਹਿੱਤਾਂ ਲਈ ਸੰਸਦ ਚ' ਛਾਤੀ ਠੋਕ ਕੇ ਕਰਾਂਗਾ ਗੱਲ : ਈਮਾਨ ਸਿੰਘ ਮਾਨ ☛ ਇਸ ਮੌਕੇ ਐਮ ਪੀ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਵੀ ਉਚੇਚੇ ਤੌਰ ਤੇ ਪਹੁੰਚੇ**

ਮਾਨ ਵੀ ਨਾਮਜ਼ਦਗੀ ਕਾਗਜ਼ ਦਾਖਲ ਕਰਾਉਣ ਸਮੇਂ ਉਚੇਚੇ ਤੌਰ ਤੇ ਅੰਮ੍ਰਿਤਸਰ ਪਹੁੰਚੇ। ਕਾਗਜ ਦਾਖਲ ਕਰਨ ਜਾਣ ਤੋਂ ਪਹਿਲਾਂ ਸਮੁੱਚੀ ਲੀਡਰਸ਼ਿਪ ਤੇ ਵਰਕਰਾਂ ਵੱਲੋਂ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਅਤੇ ਸ੍ਰ ਈਮਾਨ ਸਿੰਘ ਜੀ ਮਾਨ ਦੀ ਅਗਵਾਈ ਵਿੱਚ ਗੁਰਦੁਆਰਾ ਛੇਵੀਂ ਪਾਤਸ਼ਾਹੀ, ਬੀ-ਬਲਾਕ ਰਣਜੀਤ ਐਵਨਿਊ ਵਿਖੇ ਇਕੱਤਰ ਹੋਕੇ ਗੁਰੂ ਦਾ ਓਟ ਆਸਰਾ ਲੈਂਦਿਆ ਅਰਦਾਸ ਕਰਨ ਉਪਰੰਤ ਸ੍ਰੀ ਮੁੱਖ ਵਾਕ ਲਏ ਗਏ ਅਤੇ ਫਿਰ ਪੂਰੇ ਕਾਫਲੇ ਸਮੇਤ ਡੀ ਸੀ ਅੰਮ੍ਰਿਤਸਰ ਦੇ ਦਫਤਰ ਪਹੁੰਚਕੇ ਕਾਗਜ ਦਾਖਲ ਕਰਵਾਏ ਗਏ। ਇਸ ਮੌਕੇ ਤੇ ਪਾਰਟੀ ਲੀਡਰਸ਼ਿਪ ਅਤੇ ਵਰਕਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲੈਕਟ੍ਰੋਨਿਕ ਮੀਡੀਆ ਅਤੇ ਪੱਤਰਕਾਰ ਭਾਈਚਾਰਾ ਵੀ ਮੌਜੂਦ ਸੀ। ਕਾਗਜ਼ ਦਾਖਲ ਕਰਵਾਉਣ ਤੋਂ ਬਾਅਦ ਮੀਡੀਆ ਦੇ ਰੂਬਰੂ ਹੁੰਦਿਆ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਨੇ ਕਿਹਾ ਕਿ ਸਿੱਖ ਕੌਮ ਹਰ ਤਰਾਂ ਦੀ ਲੜਾਈ ਲੜਨਾ ਜਾਣਦੀ ਹੈ, ਅਤੇ ਅਸੀਂ ਕਦਾਚਿੱਤ ਵੀ ਆਪਣੇਂ ਹੱਕ ਮਰਨ ਨਹੀਂ ਦੇਵਾਂਗੇ ਜਦੋਂ ਤੱਕ ਜਿਉਂਦੇ ਹਾਂ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਹਿਲਾਂ ਨਾਲੋਂ ਹੋਰ ਮਜਬੂਤ ਹੋਇਆ ਹੈ ਅਤੇ ਅਸੀਂ ਭਾਰਤੀ ਲੋਕਤੰਤਰ ਪ੍ਰਣਾਲੀ ਦੀ ਹਰੇਕ ਚੋਣ ਲੜ ਕੇ ਆਪਣੀ ਬਰਾਬਰ ਦੀ ਦਾਵੇਦਾਰੀ ਰੱਖਾਂਗੇ। ਇਸ ਮੌਕੇ ਤੇ ਸ੍ਰ ਈਮਾਨ ਸਿੰਘ ਜੀ ਮਾਨ ਨੇ ਬੋਲਦਿਆਂ ਹੋਇਆਂ ਕਿਹਾ ਮੋਦੀ ਸਰਕਾਰ ਕਦੀ ਵੀ ਸਿੱਖਾਂ ਦੇ ਹੌਂਸਲਿਆਂ ਨੂੰ ਪਸਤ ਨਹੀ ਕਰ ਸਕਦੀ ਚਾਹੇ ਜੋ ਮਰਜੀ ਕਰ ਲਵੇ। ਪੱਤਰਕਾਰਾਂ ਵੱਲੋਂ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਸ੍ਰ ਈਮਾਨ ਸਿੰਘ ਜੀ ਨੇ ਕਿਹਾ ਕਿ ਜਿਵੇਂ ਜਿਵੇਂ ਪ੍ਰਚਾਰ ਦੀ ਲਹਿਰ ਵੱਧ ਰਹੀ ਹੈ ਸ੍ਰੀ ਅੰਮ੍ਰਿਤਸਰ ਦੇ ਲੋਕ ਆਪ ਮੁਹਰੇ ਹੋਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨਾਲ ਜੁੜ ਰਹੇ ਹਨ ਅਤੇ ਸਾਡਾ ਜੱਥਾ ਹੁਣ ਇਕ ਵੱਡੇ ਕਾਫਲੇ ਦਾ ਰੂਪ ਧਾਰਦਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਜੇਕਰ ਅੰਮ੍ਰਿਤਸਰ ਸਾਹਿਬ ਦੇ ਲੋਕ ਮੈਨੂੰ, ਇਸ ਦਾਸ ਨੂੰ ਸੇਵਾ ਦਾ ਮੌਕਾ ਦਿੰਦੇ ਹਨ ਤਾਂ ਮੈਂ ਸੰਸਦ ਵਿੱਚ ਪਹੁੰਚਕੇ ਅੰਮ੍ਰਿਤਸਰ ਦੇ ਸਰਬ-ਪੱਖੀ ਵਿਕਾਸ, ਭਾਰਤ-ਪਾਕਿਸਤਾਨ ਵਪਾਰਕ ਸਾਂਝ ਅਤੇ ਸਿੱਖ ਕੌਮ ਦੇ ਹਿੱਤਾਂ ਦੀ ਛਾਤੀ ਠੋਕ ਕੇ ਗੱਲ ਕਰਾਂਗਾ। ਉਹਨਾਂ ਇਹ ਵੀ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਗੁਆਂਡੀ ਮੁਲਕ ਪਾਕਿਸਤਾਨ ਨਾਲ ਵਪਾਰਕ ਸਾਂਝ ਪਾਕੇ ਕੇ ਇਸ ਸਰਹੱਦੀ ਖੇਤਰ ਨੂੰ ਆਰਥਿਕ ਪੱਖ ਤੋਂ ਉੱਪਰ ਚੁੱਕਿਆ ਜਾਵੇ।



### ਮੁਤੱਸਵੀ ਮੋਦੀ ਸਿੱਖਾਂ ਦਾ ਅੰਤਿਮ ਕਤਲੇਆਮ ਕਰਨ ਦੀ ਸੋਚ ਉਤੇ ਅਮਲ ਕਰ ਰਹੇ ਹਨ, ਇਸ ਲਈ

# ਮੋਦੀ ਹਕੂਮਤ ਨੂੰ ਰਾਜ ਭਾਗ ਤੋਂ ਬਾਹਰ ਕਰਨਾ ਹਰ ਇਨਸਾਨ ਦਾ ਫਰਜ : ਮਾਨ



**ਨਵੀਂ ਦਿੱਲੀ, 14 ਮਈ (ਮਨਪ੍ਰੀਤ ਸਿੰਘ ਖਾਲਸਾ):-** "ਦੇਸ਼ ਦੀ ਹੁਕਮਰਾਨ ਜਮਾਤ ਬੀਜੇਪੀ-ਆਰ.ਐਸ.ਐਸ. ਦੇ ਵਜ਼ੀਰ ਏ ਆਜਮ ਸ੍ਰੀ ਮੋਦੀ ਵੱਲੋਂ ਬਹੁਤ ਸਮਾਂ ਪਹਿਲੇ ਇਕ ਸੋਚੀ ਸਮਝੀ ਸਾਜਿਸ ਅਧੀਨ ਬਾਹਰਲੇ ਮੁਲਕਾਂ ਵਿਚ ਅਤੇ ਇੰਡੀਆਂ ਵਿਚ ਜੋ ਸੂਝਵਾਨ, ਦੂਰਅੰਦੇਸ਼ੀ ਦੀ ਸੋਚ ਰੱਖਣ ਵਾਲੇ ਸਿੱਖ ਆਪਣੀ ਆਜਾਦ ਬਾਦਸਾਹੀ ਸਿੱਖ ਰਾਜ ਨੂੰ ਜਮਹੂਰੀਅਤ ਅਤੇ ਅਮਨਮਈ ਢੰਗ ਨਾਲ ਕਾਇਮ ਕਰਨ ਲਈ ਸਰਗਰਮ ਹਨ ਅਤੇ ਇਸ ਮੁੱਦੇ ਉਤੇ ਅਮਲ ਕਰ ਰਹੇ ਹਨ ਉਨ੍ਹਾਂ ਨੂੰ ਨਿਸ਼ਾਨਾਂ ਬਣਾਕੇ ਕਤਲੇਆਮ ਕਰਨ ਦੀਆਂ ਕਾਰਵਾਈਆ ਪ੍ਰਤੱਖ ਕਰਦੀਆਂ ਹਨ ਕਿ ਮੋਦੀ ਹਕੂਮਤ ਕਦੀ ਵੀ ਘੱਟ ਗਿਣਤੀ ਕੌਮਾਂ ਵਿਸੇਸ ਤੌਰ ਤੇ ਸਿੱਖ ਕੌਮ ਪ੍ਰਤੀ ਕੋਈ ਸੁਹਿਰਦਤਾ ਵਾਲੀ ਸੋਚ ਨਹੀ ਰੱਖਦੇ। ਇਸ ਲਈ ਕੇਵਲ ਸਿੱਖ ਕੌਮ ਵੱਲੋ ਹੀ ਨਹੀ ਬਲਕਿ ਸਮੁੱਚੀਆਂ ਘੱਟ ਗਿਣਤੀ ਕੌਮਾਂ ਨੂੰ 2024 ਦੀਆਂ ਪਾਰਲੀਮੈਂਟ ਚੋਣਾਂ ਨੂੰ ਮੱਦੇਨਜਰ ਰੱਖਦੇ ਹੋਏ ਬੀਜੇਪੀ-ਆਰ.ਐਸ.ਐਸ ਅਤੇ ਇਨ੍ਹਾਂ ਦੀਆਂ ਸਹਿਯੋਗੀ ਪਾਰਟੀਆ ਵੱਲੋ ਖੜ੍ਹੇ ਕੀਤੇ ਉਮੀਦਵਾਰਾਂ ਨੂੰ ਕਰਾਰੀ ਹਾਰ ਦੇਣੀ ਚਾਹੀਦੀ ਹੈ ਤਾਂ ਕਿ ਇਹ ਹੁਕਮਰਾਨ ਘੱਟ ਗਿਣਤੀ ਕੌਮਾ ਦਾ ਕਤਲੇਆਮ ਕਰਨ ਦੇ ਅਮਲ ਕਰਕੇ ਇਥੇ ਅਰਾਜਕਤਾ ਨਾ ਫੈਲਾ ਸਕਣ ਅਤੇ ਇਨਸਾਨੀਅਤ ਦਾ ਖੂਨ ਨਾ ਵਹਾਅ ਸਕਣ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇਥੋ ਦੇ ਮੁਲਕ ਨਿਵਾਸੀਆਂ ਅਤੇ ਪੰਜਾਬੀਆਂ ਨੂੰ ਮੌਜੂਦਾ ਮੋਦੀ ਹਕੂਮਤ ਦੇ ਮਨੁੱਖਤਾ ਵਿਰੋਧੀ ਅਮਲਾਂ ਤੋਂ ਸੁਚੇਤ ਕਰਦੇ ਹੋਏ ਅਤੇ ਪੰਜਾਬੀਆਂ ਤੇ ਸਿੱਖ ਕੌਮ ਦਾ ਅੰਤਿਮ ਕਤਲੇਆਮ ਕਰਨ ਦੀ ਸ੍ਰੀ ਮੋਦੀ ਦੀ ਯੋਜਨਾ ਤੋਂ ਖਬਰਦਾਰ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਜੇਕਰ ਗਲਤੀ ਨਾਲ ਇੰਡੀਆ ਦੇ ਮੁਲਕ ਨਿਵਾਸੀਆ ਅਤੇ ਘੱਟ ਗਿਣਤੀ ਕੌਮਾਂ ਨੇ ਮੋਦੀ ਬੀਜੇਪੀ-ਆਰ.ਐਸ.ਐਸ. ਦੇ ਗੁੰਮਰਾਹਕੁੰਨ ਪ੍ਰਚਾਰ ਵਿਚ ਉਲਝਕੇ ਇਨ੍ਹਾਂ ਦੇ ਉਮੀਦਵਾਰਾਂ ਨੂੰ ਜਿਤਾਉਣ ਦੀ ਗੁਸਤਾਖੀ ਕਰ ਦਿੱਤੀ ਤਾਂ ਸਭ ਤੋ ਪਹਿਲੇ ਮੋਦੀ ਦੀ ਜਾਬਰ ਹਕੂਮਤ ਉਸੇ ਤਰ੍ਹਾਂ ਸਿਰਕੱਢ ਸਿੱਖਾਂ ਦਾ ਕਤਲੇਆਮ ਕਰਨਾ ਸੂਰੂ ਕਰ ਦੇਵੇਗੀ ਜਿਵੇ ਇਨ੍ਹਾਂ ਨੇ ਬੀਤੇ ਸਮੇ ਵਿਚ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ ਕੈਨੇਡਾ, ਅਵਤਾਰ ਸਿੰਘ ਖੰਡਾ ਬਰਤਾਨੀਆ, ਪਰਮਜੀਤ ਸਿੰਘ ਅਤੇ ਲਖਬੀਰ ਸਿੰਘ ਰੋਡੇ ਪਾਕਿਸਤਾਨ, ਦੀਪ ਸਿੰਘ ਸਿੱਧੂ ਹਰਿਆਣਾ, ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਪੰਜਾਬ ਦੇ ਕਤਲ ਕੀਤੇ ਹਨ। ਸ. ਮਾਨ ਨੇ ਪੰਜਵੇ, ਛੇਵੇ ਅਤੇ ਸੱਤਵੇ ਗੇੜ ਦੀਆਂ ਵੋਟਾਂ ਨਾਲ ਸੰਬੰਧਤ ਸੂਬਿਆਂ ਦੇ ਨਿਵਾਸੀਆਂ ਤੇ ਵੋਟਰਾਂ ਤੋ ਇਨਸਾਨੀਅਤ ਦੇ ਬਿਨ੍ਹਾਂ ਤੇ ਇਹ ਉਮੀਦ ਜਾਹਰ ਕੀਤੀ ਕਿ ਇੰਡੀਆਂ ਦੇ ਸਭ ਨਿਵਾਸੀ ਪੁਰ ਅਮਨ ਚੈਨ ਅਤੇ ਜਮਹੂਰੀਅਤ ਵਿਚ ਵਿਸਵਾਸ ਰੱਖਦੇ ਹੋਏ ਵੱਧਣ, ਫੁੱਲਣ, ਇਸ ਲਈ ਇਹ ਸਭ ਨਿਵਾਸੀ ਬੀਜੇਪੀ-ਆਰ.ਐਸ.ਐਸ. ਵੱਲੋ ਖੜ੍ਹੇ ਕੀਤੇ ਗਏ ਉਮੀਦਵਾਰਾਂ ਨੂੰ ਕਰਾਰੀ ਹਾਰ ਦੇ ਕੇ ਮੋਦੀ ਹਕੂਮਤ ਨੂੰ ਇਥੋ ਚੱਲਦਾ ਕਰਨਗੇ। ਅਜਿਹੀ ਜਿੰਮੇਵਾਰੀ ਨਿਭਾਕੇ ਇਥੋ ਦੇ ਵੋਟਰ ਸਮੁੱਚੇ ਮੁਲਕ ਨਿਵਾਸੀਆਂ ਅਤੇ ਸੰਸਾਰ ਨੂੰ ਸ਼ਾਂਤੀ ਅਤੇ ਜਮਹੂਰੀਅਤ ਢੰਗਾਂ ਸੰਬੰਧੀ ਸੰਦੇਸ ਦੇਣਗੇ। ਜਮਹੂਰੀਅਤ ਪਸੰਦ ਇੰਡੀਆ ਮੁਲਕ ਵਿਚ ਕਿਸੇ ਤਰ੍ਹਾਂ ਦਾ ਜਬਰ ਜੁਲਮ ਜਾਂ ਗੈਰ ਕਾਨੂੰਨੀ ਅਮਲ ਨੂੰ ਬਿਲਕੁਲ ਪ੍ਰਵਾਨ ਨਹੀ ਕਰਨਗੇ। ਬਲਕਿ ਸਭ ਕੌਮਾਂ, ਧਰਮਾਂ, ਕਬੀਲਿਆ, ਵਰਗਾਂ ਆਦਿ ਦੇ ਨਫਰਤ ਭਰੇ ਅਮਲਾਂ ਤੋ ਦੂਰ ਰਹਿਕੇ ਇੰਡੀਆਂ ਵਿਚ ਇਨਸਾਨੀਅਤ ਕਦਰਾਂ ਕੀਮਤਾਂ ਦਾ ਬੋਲਬਾਲਾ ਕਰਨ ਵਿਚ ਯੋਗਦਾਨ ਪਾਉਣਗੇ।

# ਸਿਵਲ ਹਸਪਤਾਲ ਤਲਵੰਡੀ ਸਾਬੋ ਦੀ ਟੀਮ ਵੱਲੋਂ ਕੀਤੇ ਜਾ ਰਹੇ ਨੇ ਡੇਂਗੂ ਸਰਵੇ



ਤਲਵੰਡੀ ਸਾਬੋ, 14 ਮਈ (ਗੁਰਜੰਟ ਸਿੰਘ ਨਥੇਹਾ)- ਸਿਵਲ ਸਰਜਨ ਬਠਿੰਡਾ ਡਾਕਟਰ ਤੇਜਵੰਤ ਸਿੰਘ ਢਿੱਲੋਂ ਵੱਲੋਂ ਅਤੇ ਐਪੀਡੀਮੋਲੋਜਿਸਟ ਡਾਕਟਰ ਮਯੰਕ ਯੋਤ ਅਤੇ ਡਾਕਟਰ ਰੁਪਾਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਦਰਸ਼ਨ ਕੌਰ ਤਲਵੰਡੀ ਸਾਬੋ ਦੀ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਵੱਲੋਂ ਘਰ ਘਰ ਜਾ ਕੇ ਡੇਂਗੂ ਸਰਵੇ ਕੀਤੇ ਜਾ ਰਹੇ ਹਨ। ਹਰਪਾਲ ਸਿੰਘ ਗਿਆਨਾ ਨੇ ਦੱਸਿਆ ਕਿ ਡੇਂਗੂ ਦਾ ਪ੍ਰਕੋਪ ਸ਼ੁਰੂ ਹੋ ਗਿਆ ਹੈ ਘਰ ਘਰ ਸਰਵੇ ਦੌਰਾਨ ਡੇਂਗੂ ਦਾ ਲਾਰਵਾ ਮਿਲਿਆ ਚੱਠਾ ਮਹੱਲਾ, ਦਸਮੇਸ਼ ਕਲੋਨੀ ਵਿਖੇ ਲਾਰਵਾ ਮਿਲਿਆ ਜੋ ਕਿ ਮੌਕੇ 'ਤੇ ਨਸ਼ਟ ਕਰਵਾ ਦਿੱਤਾ ਅਤੇ ਅੱਗੇ ਤੋਂ ਸਫਾਈ ਰੱਖਣ ਲਈ ਦੱਸਿਆ ਜਿਵੇਂ ਕਿ ਕੂਲਰ, ਫਰਿੱਜ਼ ਦੀ ਟਰੇਅ, ਨੰਗੀਆਂ ਟੈਂਕੀਆਂ ਨੂੰ ਹਫਤੇ 'ਚ ਇੱਕ ਬਾਰੀ ਸੁਕਾਇਆ ਜਾਵੇ ਅਤੇ ਨਾਲੀਆਂ ਵਿਚ, ਪਾਣੀ ਦੇ ਟੋਇਆਂ ਵਿੱਚ ਕਾਲੇ ਤੇਲ ਦਾ ਛਿੜਕਾਅ ਕੀਤਾ ਜਾਵੇ ਤਾਂ ਜੋ ਮੱਛਰਾਂ ਦੀ ਪੈਦਾਇਸ਼ ਨੂੰ ਰੋਕਿਆ ਜਾਵੇ। ਇਸਤੋਂ ਇਲਾਵਾ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਸਿਹਤ ਕਰਮਚਾਰੀ ਗੁਰਜੀਤ ਸਿੰਘ, ਗੁਰਸੇਵਕ ਸਿੰਘ, ਕੁਲਦੀਪ ਕੁਮਾਰ ਅਤੇ ਅਮਨਪ੍ਰੀਤ ਸਿੰਘ ਬਰੀਡ ਚੈਕਰ ਹਾਜ਼ਰ ਸਨ।



# ਕੇਜਰੀਵਾਲ ਸਰਕਾਰ ਘੱਟ ਗਿਣਤੀ ਵਿਦਿਆਰਥੀਆਂ ਨਾਲ ਕਰ ਰਹੀ ਹੈ ਵਿਤਕਰਾ: ਜਸਵਿੰਦਰ ਸਿੰਘ ਜੌਲੀ

ਨਵੀਂ ਦਿੱਲੀ, 14 ਮਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਪੱਤਰ ਲਿਖ ਕੇ ਅਪੀਲ ਕੀਤੀ ਹੈ ਕਿ ਵਿੱਤੀ ਸਾਲ 2023-24 ਲਈ ਘੱਟ ਗਿਣਤੀ ਵਿਦਿਆਰਥੀਆਂ ਲਈ ਟਿਊਸ਼ਨ ਫੀਸ ਵਾਪਸ ਕਰਨ ਦੀ ਸਕੀਮ ਤਹਿਤ ਵਿਦਿਆਰਥੀਆਂ ਦੀ ਟਿਊਸ਼ਨ ਫੀਸ ਤੁਰੰਤ ਵਾਪਸ ਕਰਨ ਦੀ ਪ੍ਰਕਿਰਿਆ ਆਰੰਭ ਕੀਤੀ ਜਾਵੇ। ਕਮੇਟੀ ਦੇ ਘੱਟ ਗਿਣਤੀ ਸੈਲ ਦੇ ਚੇਅਰਮੈਨ ਜਸਵਿੰਦਰ ਸਿੰਘ ਜੌਲੀ ਨੇ ਮੁੱਖ ਮੰਤਰੀ ਨੂੰ ਲਿਖੇ ਪੱਤਰ ਵਿਚ ਕਿਹਾ ਕਿ ਦਿੱਲੀ ਕਮੇਟੀ ਵਿਦਿਆਰਥੀਆਂ ਖਾਸ ਤੌਰ 'ਤੇ ਘੱਟ ਗਿਣਤੀ ਵਿਦਿਆਰਥੀਆਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਘਰਾਂ ਤੋਂ ਹਨ, ਦੀ ਬੇਹਤਰੀ ਵਾਸਤੇ ਕੰਮ ਕਰਨ ਲਈ ਵਚਨਬੱਧ ਹੈ। ਉਹਨਾ ਕਿਹਾ ਕਿ ਟਿਊਸ਼ਨ ਫੀਸ ਵਾਪਸ ਕਰਨ ਦੀ ਸਕੀਮ ਆਰਥਿਕ ਤੌਰ 'ਤੇ ਕਮਜ਼ੋਰ ਬੱਚਿਆਂ ਤੇ ਉਹਨਾਂ ਦੇ ਪਰਿਵਾਰਾਂ ਲਈ ਬਹੁਤ ਲਾਹੇਵੰਦ ਹੈ। ਪਰ ਸਾਲ 2023-24 ਲਈ ਵਿਦਿਆਰਥੀਆਂ ਦੀ ਟਿਊਸ਼ਨ ਫੀਸ ਵਾਪਸ ਮੋੜਨ ਦੀ ਪ੍ਰਕਿਰਿਆ ਹਾਲੇ ਤੱਕ ਸ਼ੁਰੂ ਨਹੀਂ ਹੋਈ ਜਿਸ ਕਾਰਨ ਵਿਦਿਆਰਥੀ ਮੁਸ਼ਿਕਲ ਵਿਚ ਹਨ। ਉਹਨਾਂ ਕਿਹਾ ਕਿ ਜ਼ਰੂਰੀ ਫੰਡ ਨਾ ਹੋਣ ਕਾਰਨ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਬਹੁਤ ਮੁਸ਼ਿਕਲਾਂ ਦਾ ਸਾਹਮਣਾ ਕਰ ਰਹੇ ਹਨ। ਸਰਦਾਰ ਜੌਲੀ ਨੇ ਕਿਹਾ ਕਿ ਟਿਊਸ਼ਨ ਫੀਸ ਵਾਪਸੀ ਦੀ ਸਕੀਮ ਤਹਿਤ ਫੀਸ ਵਾਪਸੀ ਆਮ ਤੌਰ 'ਤੇ 1 ਦਸੰਬਰ ਨੂੰ ਸ਼ੁਰੂ ਹੋ ਜਾਂਦੀ ਹੈ ਪਰ ਜਦੋਂ ਦਾ ਘੱਟ ਗਿਣਤੀ ਵਿਭਾਗ ਮਾਲ ਵਿਭਾਗ ਦੇ ਅਧੀਨ ਆਇਆ ਹੈ, ਉਦੋਂ ਤੱਕ ਟਿਊਸ਼ਨ ਫੀਸ ਵਾਪਸੀ ਵਿਚ ਨਿਰੰਤਰ ਦੇਰੀ ਹੋ ਰਹੀ ਹੈ। ਉਹਨਾਂ ਕਿਹਾ ਕਿ ਮਾਲ ਵਿਭਾਗ ਵਿਚ ਕੰਮਕਾਜ ਵਿਚ ਪਾਰਦਰਸ਼ਤਾ ਦੀ ਬਹੁਤ ਘਾਟ ਹੈ। ਉਹਨਾਂ ਨੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਟਿਊਸ਼ਨ ਦੀ ਫੀਸ ਦੀ ਵਾਪਸੀ ਤੁਰੰਤ ਸ਼ੁਰੂ ਕੀਤੀ ਜਾਣੀ ਯਕੀਨੀ ਬਣਾਉਣ ਦੇ ਨਾਲ-ਨਾਲ ਮਾਲ ਵਿਭਾਗ ਦੇ ਕੰਮਕਾਜ ਵਿਚ ਪਾਰਦਰਸ਼ਤਾ ਯਕੀਨੀ ਬਣਾਉਣ ਦੇ ਨਾਲ-ਨਾਲ ਮਾਲ ਵਿਭਾਗ ਵਿਚ ਮਾਪਿਆਂ ਤੇ ਗਾਰਡੀਅਨਜ਼ ਲਈ ਟਿਊਸ਼ਨ ਫੀਸ ਦੀ ਵਾਪਸੀ ਲਈ ਜਾਣਕਾਰੀ ਪੁਖ਼ਤਾ ਤੌਰ 'ਤੇ ਪ੍ਰਦਾਨ ਦੀ ਪ੍ਰਣਾਲੀ ਯਕੀਨੀ ਬਣਾਈ ਜਾਵੇ। ਉਹਨਾਂ ਇਹ ਵੀ ਕਿਹਾ ਕਿ ਵਿਭਾਗ ਵੱਲੋਂ ਆਰ ਟੀ ਆਈ ਦੀ ਜਾਣਕਾਰੀ ਵੀ ਸਹੀ ਤਰੀਕੇ ਪ੍ਰਦਾਨ ਨਹੀਂ ਕੀਤੀ ਜਾ ਰਹੀ ਅਤੇ ਇਹ ਜਾਣਕਾਰੀ ਪ੍ਰਦਾਨ ਨਾ ਕਰਨ ਲਈ ਅਫਸਰਾਂ ਖਿਲਾਫ ਵੀ ਠੋਸ ਕਾਰਵਾਈ ਕੀਤੀ ਜਾਵੇ। ਉਹਨਾਂ ਕਿਹਾ ਕਿ ਟਿਊਸ਼ਨ ਫੀਸ ਸਕੀਮ ਦੀ ਮਨਸ਼ਾ ਬਹੁਤ ਵਧੀਆ ਹੈ ਪਰ ਇਸਨੂੰ ਲਾਗੂ ਕਰਨ ਵਿਚ ਦੇਰੀ ਕਾਰਨ ਲਾਭਪਾਤਰੀਆਂ ਨੂੰ ਬਹੁਤ ਮੁਸ਼ਿਕਲਾਂ ਝੱਲਣੀਆਂ ਪੈ ਰਹੀਆਂ ਹਨ ਤੇ ਇਹ ਤਰੁੱਟੀਆਂ ਦੂਰ ਕੀਤੀਆਂ ਜਾਣੀਆਂ ਬਹੁਤ ਜ਼ਰੂਰੀ ਹੈ ਤਾਂ ਜੋ ਸਕੀਮ ਦਾ ਲਾਭ ਸਹੀ ਤਰੀਕੇ ਨਾਲ ਲਾਭਪਾਤਰੀਆਂ ਨੂੰ ਮਿਲ ਸਕੇ।



## ਕੈਲਗਰੀ ਕੈਨੇਡਾ ਵਿਖੇ

# ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸਜਾਇਆ ਗਿਆ ਸਲਾਨਾ ਨਗਰ ਕੀਰਤਨ




ਨਵੀਂ ਦਿੱਲੀ 14 ਮਈ (ਮਨਪ੍ਰੀਤ ਸਿੰਘ ਖਾਲਸਾ):-ਸ਼੍ਰੀ ਆਨੰਦਪੁਰ ਸਾਹਿਬ ਦੀ ਪਾਵਨ ਤੇ ਪਵਿੱਤਰ ਧਰਤੀ ਤੇ 1699 ਦੀ ਵਿਸਾਖੀ ਵਾਲੇ ਦਿਨ ਕਲਗੀਧਰ ਪਾਤਸ਼ਾਹ ਜੀ ਨੇ ਖੰਡੇ ਬਾਟੇ ਦੀ ਪਾਹੁਲ ਤਿਆਰ ਕਰਕੇ ਪੰਜ ਕਕਾਰੀ ਰਹਿਤ ਦੇ ਕੇ ਖ਼ਾਲਸੇ ਦੀ ਸਾਜਨਾ ਕੀਤੀ ਸੀ ।ਪੂਰੇ ਸੰਸਾਰ ਵਿੱਚ ਹਰ ਸਾਲ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਨਗਰ ਕੀਰਤਨ ਪੂਰੇ ਸ਼ਾਨੋ-ਸ਼ੌਕਤ ਨਾਲ ਸਜਾਏ ਜਾਂਦੇ ਹਨ ।ਕੈਨੇਡਾ ਦੇ ਸੂਬੇ ਅਲਬਰਟਾ ਦੇ ਸ਼ਹਿਰ ਕੈਲਗਰੀ ਵਿੱਚ ਸਲਾਨਾ ਨਗਰ ਕੀਰਤਨ ਵਿੱਚ ਲੋਕਲ ਸੰਗਤਾਂ ਤੋਂ ਇਲਾਵਾ ਕੈਨੇਡਾ ਅਤੇ ਅਮਰੀਕਾ ਦੇ ਵੱਖ ਵੱਖ ਸ਼ਹਿਰਾਂ ਤੋਂ ਪਹੁੰਚੀਆਂ ਦੋ ਲੱਖ ਤੋਂ ਵੱਧ ਸੰਗਤਾਂ ਨੇ ਹਾਜ਼ਰੀ ਭਰਕੇ ਤੇ ਪੂਰੇ ਚਾਅ ਨਾਲ ਹਜ਼ਾਰਾਂ ਖਾਲਸਾਈ ਝੰਡਿਆਂ ਨੂੰ ਆਪਣੇ ਮੋਡਿਆਂ ਤੇ ਚੱਕ ਕੇ ਸਮੁੱਚੇ ਸੰਸਾਰ ਨੂੰ ਇਹ ਸਨੇਹਾ ਦਿੱਤਾ ਕਿ ਸਿੱਖ ਕੌਮ ਅੱਜ ਵੀ ਸ਼ਹੀਦਾਂ ਦਾ ਸੁਪਨਾ ਖਾਲਸਾ ਰਾਜ ਖਾਲਸਾ ਰਾਜ ਦੀ ਸਥਾਪਤੀ ਪ੍ਰਤੀ ਸੰਘਰਸ਼ਸ਼ੀਲ ਹੈ । ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸ਼ਤਰ ਸ਼ਾਇਆ ਹੇਠ ਪੰਜ ਸਿੰਘਾਂ ਦੀ ਅਗਵਾਈ ਵਿੱਚ ਗੁਰੂ ਕੇ ਬਾਣਿਆਂ ਵਿੱਚ ਸਜੇ ਗਤਕਈ ਬੱਚੇ ਬੱਚੀਆਂ ਦੀਆਂ ਭੁਚੰਗ ਫ਼ੌਜਾਂ ਗਤਕੇ ਦੇ ਜੌਹਰ ਦਿਖਾਉਂਦੇ ਖਾਲਸਾਈ ਸ਼ਾਨ ਨੂੰ ਚਾਰ ਚੰਨ ਲਗਾਉਂਦੇ ਫਲੋਟਾਂ ਨਾਲ ਗੁਰਦੁਆਰਾ ਦਸਮੇਸ਼ ਕਲਚਰ ਤੋ ਚੱਲ ਕੇ ਖੁੱਲੇ ਦੀਵਾਨ ਅਸਥਾਨ ਤੇ ਪਹੁੰਚੇ ।ਇਸ ਵਿਚ ਸਰੀ ਤੋਂ ਅਕਾਲ ਖ਼ਾਲਸਾ ਗਤਕਾ ਅਖਾੜਾ, ਮਾਤਾ ਸਾਹਿਬ ਕੌਰ ਗਤਕਾ ਅਖਾੜਾ, ਸ਼ਹੀਦ ਭਾਈ ਹਰਦੀਪ ਸਿੰਘ ਗੁਰਮਤਿ ਸਕੂਲ ਦੇ ਨੌਜੁਆਨ ਬੱਚੇ ਬੱਚੀਆਂ ਉਸਤਾਦ ਭਾਈ ਜਗਜੀਤ ਸਿੰਘ ਨਾਲ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ ਅਤੇ ਸ਼ਾਸਤਰਾਂ ਦੇ ਜੌਹਰ ਦਿਖਾਉਂਦੇ ਪੂਰੇ ਨਗਰ-ਕੀਰਤਨ ਰੂਟ ਵਿੱਚ ਗਤਕੇ ਦੇ ਪ੍ਰਦਰਸ਼ਨ ਕਰਦੇ ਸੋਭਾ ਪਾ ਰਹੇ ਸਨ ਤੇ ਸੰਗਤਾਂ ਨੂੰ ਬਾਣਾ ਬਾਣੀ ਸ਼ਾਸਤਰ ਕਲਾ ਤੇ ਆਪਣੀ ਬੇਸ਼ਕਮਤੀ ਵਿਰਾਸਤ ਨਾਲ ਜੋੜ ਰਹੇ ਸਨ ।

## ਦੋ ਲੱਖ ਤੋਂ ਵੱਧ ਸੰਗਤਾਂ ਦਾ ਹੋਇਆ ਭਰਵਾਂ ਇਕੱਠ

ਆਵਾਜ਼ਿ ਕੌਮ AWAZE QAUM International Newspaper & WEB TV

ਖੁੱਲੇ ਪੰਡਾਲ ਵਿੱਚ ਸਜੇ ਦੀਵਾਨ ਵਿੱਚ ਗੁਰੂ ਸਾਹਿਬ ਜੀ ਦੀ ਹਜ਼ੂਰੀ ਵਿੱਚ ਢਾਡੀ ਸਿੰਘ ਵਾਰਾਂ ਗਾਇਨ ਕਰਕੇ ਖ਼ਾਲਸੇ ਦੀ ਮਹਿਮਾ ਸਰਵਣ ਕਰਵਾ ਰਹੇ ਸਨ ।ਕੈਨੇਡਾ ਦੀਆਂ ਵੱਖੋ ਵੱਖ ਰਾਜਨੀਤਿਕ ਪਾਰਟੀਆਂ ਦੇ ਲੀਡਰਾਂ ਵਿੱਚ ਲਿਬਰਲ ਐਮਪੀ ਜੋਰਜ ਚਾਹਿਲ, ਕਨਜਰਟਿਵ ਐਮਪੀ ਭਾਈ ਹੱਲਨ ਤੇ ਹੋਰ ਲੀਡਰਾਂ ਨੇ ਖਾਲਸਾ ਸਾਜਨਾ ਦਿਵਸ ਦੀ ਵਧਾਈ ਪੇਸ਼ ਕੀਤੀ ।ਮੋਨਟੀਰੀਅਲ ਤੋਂ ਵਿਸ਼ੇਸ ਤੋਰ ਤੇ ਹਾਜ਼ਰ ਜਥੇਦਾਰ ਭਾਈ ਸੰਤੋਖ ਸਿੰਘ ਖੇਲਾ ਤੇ ਅਮਰੀਕਾ ਤੋਂ ਐਸਐਫਜੇ ਦੇ ਭਾਈ ਅਵਤਾਰ ਸਿੰਘ ਪੰਨੂੰ ਤੇ ਸਮੁੱਚੀ ਟੀਮ ਪਿਛਲੇ ਕਈ ਦਿਨਾਂ ਤੋਂ ਪੁੱਜੀ ਹੋਈ ਸੀ ਉਨ੍ਹਾਂ ਵੱਲੋਂ 28 ਜੁਲਾਈ 2024 ਨੂੰ ਕੈਲਗਰੀ ਵਿਚ ਖਾਲਸਾ ਰਾਜ ਲਈ ਰੈਫ੍ਰੈਂਡਮ ਦੀਆਂ ਵੋਟਾਂ ਦਾ ਐਲਾਨ ਕੀਤਾ ਗਿਆ ।

ਨਗਰ ਕੀਰਤਨ ਵਿਚ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਹਾਈ ਕਮਿਸ਼ਨਰ ਸੰਜੇ ਵਰਮਾ ਦੇ ਪੁਤਲਿਆਂ ਵਾਲਾ ਫਲੋਟ ਖਿੱਚ ਦਾ ਕੇਂਦਰ ਬਣਿਆ ਰਿਹਾ, ਜਿਸ ਦੇ ਵਿੱਚ ਦੋਨਾਂ ਦੇ ਪੁਤਲਿਆਂ ਨੂੰ ਹੱਥਕੜੀਆਂ ਲਾਈਆਂ ਸਨ।

ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਬਲਜਿੰਦਰ ਸਿੰਘ ਗਿੱਲ ਅਤੇ ਸਮੁੱਚੀ ਮਨੇਜਮੈਂਟ ਵੱਲੋ ਆਉਣ ਵਾਲੇ ਰੈਫ੍ਰੈਂਡਮ ਵੋਟਿੰਗ ਸੰਘਰਸ਼ ਵਿੱਚ ਹਰ ਤਰਾਂ ਦੀ ਸੇਵਾ ਕਰਨ ਦੀ ਬਚਨਵੱਧਤਾ ਦੁਹਰਾਈ ਗਈ ਅਤੇ ਕੈਲਗਰੀ ਦੀਆਂ ਸਾਰੀਆਂ ਸਿੱਖ ਸੰਗਤਾਂ ਨੂੰ ਭਰਪੂਰ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ।ਸਰੀ ਤੋਂ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਟੀਮ ਵਲ਼ੋ ਆਉਣ ਵਾਲੀ 16 ਜੂਨ ਨੂੰ ਸ਼ਹੀਦ ਭਾਈ ਨਿੱਝਰ ਦੀ ਪਹਿਲੀ ਬਰਸੀ ਤੇ ਮਹਾਨ ਸ਼ਹੀਦੀ ਸਮਾਗਮਾਂ ਵਿੱਚ ਸਮੂਹ ਸੰਗਤਾਂ ਨੂੰ ਹਾਜ਼ਰੀ ਭਰਨ ਦੀ ਅਪੀਲ ਕੀਤੀ ਗਈ ।ਆਈਆਂ ਹੋਈਆਂ ਸੰਗਤਾਂ ਦੀ ਟਹਿਲ ਸੇਵਾ ਵਾਸਤੇ ਪ੍ਰਬੰਧਕਾਂ ਵੱਲੋ ਬਹੁਤ ਵੱਡੇ ਪੱਧਰ ਤੇ ਢੁੱਕਵੇ ਪ੍ਰਬੰਧ ਕੀਤੇ ਗਏ ਸਨ ਜਿਸ ਵਿੱਚ ਵੱਖੋ ਵੱਖ ਤਰਾਂ ਦੇ ਪਕਵਾਨ ਤੇ ਹੋਰ ਪਕਵਾਨ ਬਗੈਰਾ ਬੇਅੰਤ ਵਰਤਾਏ ਜਾ ਰਹੇ ਸਨ ।ਮੁੱਖ ਸੇਵਾਦਾਰ ਭਾਈ ਬਲਜਿੰਦਰ ਸਿੰਘ ਗਿੱਲ ਵੱਲੋ ਆਈਆਂ ਸੰਗਤਾਂ ਤੇ ਗੁਰੂ ਮਹਾਂਰਾਜ ਜੀ ਦਾ ਕੋਟਿਨ ਕੋਟ ਧੰਨਵਾਦ ਕੀਤਾ ਜਿੰਨਾਂ ਦੀ ਅਪਾਰ ਕਿਰਪਾ ਨਾਲ ਏਡਾ ਵੱਡਾ ਸਮਾਗਮ ਬਹੁਤ ਚੜਦੀ ਕਲਾ ਵਿੱਚ ਸੰਪੂਰਨ ਹੋਇਆ।




**ਭਾਈ ਗੁਰਦੀਪ ਸਿੰਘ ਬਠਿੰਡਾ ਨੇ ਫ਼ਰੀਦਕੋਟ ਲੋਕ ਸਭਾ ਦੇ ਹਲਕੇ ਤੋਂ ਸਾਂਝੇ ਪੰਥਕ ਅਜ਼ਾਦ ਉਮੀਦਵਰ ਭਾਈ ਸਰਬਜੀਤ ਸਿੰਘ ਖਾਲਸਾ ਦੇ ਜੈਤੋ ਵਿਖੇ ਖੋਲ੍ਹੇ ਨਵੇਂ ਦਫ਼ਤਰ ਦਾ ਉਦਘਾਟਨ ਕੀਤਾ ਜਿਸ ਵਿੱਚ ਜੈਤੋ ਤੋ ਨਛੱਤਰ ਸਿੰਘ ਦਬੜੀਖਾਨਾ, ਗੁਰਮੀਤ ਸਿੰਘ ਦਬੜੀਖਾਨਾ, ਅੰਗਰੇਜ ਸਿੰਘ ਗੋਰਾ, ਗੁਰਸੇਵਕ ਸਿੰਘ ਦਬੜੀਖਾਨਾ ਗੁਰਮੀਤ ਸਿੰਘ ਮੱਤਾ ਅਤੇ ਹੋਰ ਗਿਣਤੀ ਵਿੱਚ ਸੰਗਤ ਦਾ ਇਕੱਠ ਹੋਇਆ ਅਤੇ ਭਾਈ ਗੁਰਦੀਪ ਸਿੰਘ ਬਠਿੰਡਾ ਨੇ ਸੰਗਤ ਨੂੰ ਸੰਬੋਧਨ ਕੀਤਾ।**

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਦੇ ਮੁਖੀ ਜਰਨੈਲ ਅਮਰ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ




**ਅਮਰ ਸ਼ਹੀਦ** ਬਾਬਾ ਦੀਪ ਸਿੰਘ ਜੀ ਤੋਂ ਬਾਅਦ ਬਾਬਾ ਗੁਰਬਖ਼ਸ਼ ਸਿੰਘ ਜੀ ਦਮਦਮੀ ਟਕਸਾਲ ਅਤੇ ਤਰਨਾ ਦਲ ਮਿਸਲ ਸ਼ਹੀਦਾਂ ਦੇ ਮੁਖੀ ਬਣੇ। ਆਪ ਦਾ ਜਨਮ ਮਾਤਾ ਲਛਮੀ ਜੀ ਦੀ ਕੁੱਖੋਂ, ਪਿਤਾ ਸ. ਦਸੌਂਧਾ ਸਿੰਘ ਦੇ ਘਰ ਪਿੰਡ ਲੀਲ, ਜ਼ਿਲ੍ਹਾ ਖੇਮਕਰਨ ਵਿਖੇ ਹੋਇਆ। ਆਪ ਦੇ ਮਾਤਾ-ਪਿਤਾ ਜੀ ਕਲਗੀਧਰ ਪਾਤਸ਼ਾਹ ਦੀ ਹਜ਼ੂਰੀ 'ਚ ਸੇਵਾ ਕਰਿਆ ਕਰਦੇ ਸਨ, ਉਹਨਾਂ ਦੀ ਸੇਵਾ ਤੋਂ ਪ੍ਰਸੰਨ ਹੋ ਕੇ ਗੁਰੂ ਸਾਹਿਬ ਨੇ ਵਰ ਦਿੱਤਾ ਸੀ ਕਿ "ਤੁਹਾਡੇ ਘਰ ਬ੍ਰਹਮ-ਗਿਆਨੀ, ਸੂਰਮਾ ਤੇ ਧਰਮੀ ਪੁੱਤਰ ਪੈਦਾ ਹੋਵੇਗਾ।" ਫਿਰ ਵੱਡੇ ਹੋ ਕੇ ਆਪ ਨੇ ਭਾਈ ਮਨੀ ਸਿੰਘ ਜੀ ਪਾਸੋਂ ਧਰਮ ਦੀ ਵਿੱਦਿਆ ਅਤੇ ਸ਼ਸਤਰ ਵਿੱਦਿਆ ਗ੍ਰਹਿਣ ਕੀਤੀ ਤੇ 1699 ਦੀ ਵਿਸਾਖੀ ਨੂੰ ਖੰਡੇ-ਬਾਟੇ ਦਾ ਅੰਮ੍ਰਿਤ ਛਕਿਆ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸੰਨ 1704 ਨੂੰ ਸ੍ਰੀ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਣ ਸਮੇਂ ਬਾਬਾ ਗੁਰਬਖ਼ਸ਼ ਸਿੰਘ ਨੂੰ ਹੁਕਮ ਕੀਤਾ ਸੀ ਕਿ "ਤੁਸੀਂ ਇੱਥੇ (ਸ੍ਰੀ ਅਨੰਦਪੁਰ ਸਾਹਿਬ) ਰਹਿ ਕੇ ਗੁਰਮਤਿ ਦਾ ਪ੍ਰਚਾਰ ਤੇ ਸਥਾਨ ਦੀ ਸੇਵਾ-ਸੰਭਾਲ ਕਰੋ।" ਫਿਰ ਬਾਬਾ ਜੀ ਨੇ ਇੱਥੇ ਰਹਿ ਕੇ ਅਨੇਕਾਂ ਪ੍ਰਾਣੀਆਂ ਨੂੰ ਅੰਮ੍ਰਿਤ ਛਕਾਇਆ, ਤੇ ਰੋਜ਼ ਦੀਵਾਨ ਸਜਾ ਕੇ ਗੁਰਮਤਿ ਦਾ ਪ੍ਰਚਾਰ ਕਰਿਆ ਕਰਦੇ ਸਨ। ਬਾਬਾ ਗੁਰਬਖ਼ਸ਼ ਸਿੰਘ ਨੇ ਵੀ ਬਾਬਾ ਦੀਪ ਸਿੰਘ ਜੀ ਵਾਂਗ ਗੁਰਬਾਣੀ ਦੀਆਂ ਪੋਥੀਆਂ ਤੇ ਗੁਟਕੇ ਹੱਥੀਂ ਲਿਖ ਕੇ ਕਈ ਸਥਾਨਾਂ 'ਤੇ ਭੇਜੇ। ਬਾਬਾ ਜੀ ਨੇ ਸ੍ਰੀ ਦਸਮ ਗ੍ਰੰਥ ਸਾਹਿਬ ਦੇ ਇੱਕ ਸਰੂਪ ਦਾ ਵੀ ਉਤਾਰਾ ਕੀਤਾ। ਬਾਬਾ ਦੀਪ ਸਿੰਘ ਅਤੇ ਬਾਬਾ ਗੁਰਬਖ਼ਸ਼ ਸਿੰਘ ਦੋਨੋਂ ਗੁਰਭਾਈ ਸਨ। ਬਾਬਾ ਦੀਪ ਸਿੰਘ ਜੀ ਸ੍ਰੀ ਦਮਦਮਾ ਸਾਹਿਬ ਅਤੇ ਬਾਬਾ ਗੁਰਬਖ਼ਸ਼ ਸਿੰਘ ਜੀ ਸ੍ਰੀ ਅਨੰਦਪੁਰ ਸਾਹਿਬ ਸੇਵਾ ਕਰਿਆ ਕਰਦੇ ਸਨ। ਦੋਹਾਂ ਜਥੇਦਾਰਾਂ ਨੇ ਕਈ ਜੰਗਾਂ, ਪੰਥਕ ਸਰਗਰਮੀਆਂ ਤੇ ਮੁਹਿੰਮਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਪਾਇਆ ਸੀ। ਬਾਬਾ ਗੁਰਬਖ਼ਸ਼ ਸਿੰਘ ਜੀ ਨੇ ਸ੍ਰੀ ਦਰਬਾਰ ਸਾਹਿਬ ਦੇ ਅੰਦਰ ਗੁਰਬਾਣੀ ਦੀ ਕਥਾ ਅਰੰਭ ਕੀਤੀ ਸੀ ਜੋ ਕਈ ਸਾਲਾਂ ਤਕ ਚੱਲਦੀ ਰਹੀ। ਜਿਸ ਸਮੇਂ ਬਾਬਾ ਦੀਪ ਸਿੰਘ ਜੀ ਨੇ ਸ਼ਹਾਦਤ ਪਾਈ ਤਾਂ ਉਸ ਜੰਗ ਵਿੱਚ ਸ੍ਰੀ ਦਰਬਾਰ ਸਾਹਿਬ ਵਿਖੇ ਬਾਬਾ ਗੁਰਬਖ਼ਸ਼ ਸਿੰਘ ਵੀ ਨਾਲ਼ ਸਨ ਤੇ ਆਪ ਜੀ ਨੇ ਹੀ ਸ਼ਹੀਦ ਬਾਬਾ ਦੀਪ ਸਿੰਘ ਤੇ ਹੋਰ ਸਿੰਘਾਂ ਦਾ ਸਸਕਾਰ ਕੀਤਾ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਅਤੇ ਬਾਬਾ ਦੀਪ ਸਿੰਘ ਜੀ ਦੀ ਸ਼ਹਾਦਤ ਨੂੰ ਵੇਖ ਕੇ ਬਾਬਾ ਗੁਰਬਖ਼ਸ਼ ਸਿੰਘ ਜੀ ਦਾ ਐਨਾ ਖ਼ੂਨ ਖੋਲਿਆ ਕਿ ਆਪ ਨੇ ਰਾਤੀਂ ਛਾਪੇ ਮਾਰ-ਮਾਰ ਕੇ ਦੁਰਾਨੀਆਂ ਦੇ ਥਾਣੇ ਅਤੇ ਤਹਿਸੀਲਾਂ ਸਾੜ ਦਿੱਤੀਆਂ ਤੇ ਹਕੂਮਤ ਦਾ ਹੋਰ ਵੀ ਕਾਫ਼ੀ ਨੁਕਸਾਨ ਕੀਤਾ ਤੇ ਖ਼ਾਲਸਾ ਬਾਗ਼ੀ ਜਾਂ ਬਾਦਸ਼ਾਹ ਹੋਣ ਦਾ ਪ੍ਰਗਟਾਵਾ ਕੀਤਾ। ਤੈਮੂਰ ਸ਼ਾਹ ਨੇ ਸਿੰਘਾਂ ਦੇ ਹੱਲੇ ਵੇਖ ਕੇ ਕਾਬਲ, ਮੁਲਤਾਨ, ਰੁਹਤਾਸ ਆਦਿਕ ਤੋਂ ਫ਼ੌਜਾਂ ਸੱਦ ਲਈਆਂ ਤੇ ਸਿੰਘਾਂ ਦਾ ਖੁਰਾ-ਖੋਜ ਮਿਟਾਉਣ ਦਾ ਹੁਕਮ ਜਾਰੀ ਕਰ ਦਿੱਤਾ।

ਕਈ ਹਮਲਿਆਂ ਮਗਰੋਂ ਜਦੋਂ ਅਬਦਾਲੀ ਫਿਰ ਹਿੰਦੁਸਤਾਨ 'ਤੇ ਚੜ੍ਹ ਕੇ ਆਇਆ ਤਾਂ ਆਪ ਸ੍ਰੀ ਦਰਬਾਰ ਸਾਹਿਬ ਦੀ ਰੱਖਿਆ ਲਈ ਡਟ ਗਏ। ਆਪ ਨੇ 30 ਸਿੰਘਾਂ ਸਮੇਤ ਅੰਮ੍ਰਿਤ ਸਰੋਵਰ ਵਿੱਚ ਇਸ਼ਨਾਨ ਕੀਤਾ, ਸ੍ਰੀ ਹਰਿਮੰਦਰ ਸਾਹਿਬ 'ਚ ਸੱਤ ਥਾਲ ਕੜਾਹ ਪ੍ਰਸ਼ਾਦਿ ਕਰਵਾਇਆ ਤੇ ਪੰਜ ਥਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਦੇਗ ਕਰਵਾਈ ਤੇ ਆਪ ਜੀ ਉੱਚੀ-ਉੱਚੀ ਗੁਰਬਾਣੀ ਦੇ ਜੋਸ਼ੀਲੇ ਸ਼ਬਦ ਪੜ੍ਹ ਰਹੇ ਸਨ।

ਐਨੇ ਚਿਰ ਨੂੰ ਦੁਸ਼ਮਣ ਫ਼ੌਜਾਂ ਨੇ ਹਮਲਾ ਕਰ ਦਿੱਤਾ ਤੇ ਦੋਹੀਂ ਪਾਸਿਆਂ ਤੋਂ ਖ਼ੂਨ ਡੋਲ੍ਹਵੀਂ ਲੜਾਈ ਹੋਈ। ਤੀਹ ਸਿੰਘਾਂ ਨੇ ਐਨੀ ਬਹਾਦਰੀ ਨਾਲ਼ ਮੁਕਾਬਲਾ ਕੀਤਾ ਕਿ ਵੈਰੀਆਂ ਦੀਆਂ ਲਾਸ਼ਾਂ ਦੇ ਢੇਰ ਲਾ ਦਿੱਤੇ।

ਇਸੇ ਸਮੇਂ ਹੀ ਦਸ ਹਜ਼ਾਰੀ ਖ਼ਾਨ ਅਤੇ ਬਾਬਾ ਗੁਰਬਖ਼ਸ਼ ਸਿੰਘ ਜੀ ਦਾ ਸਾਂਝਾ ਵਾਰ ਹੋ ਗਿਆ ਤੇ ਦੋਹਾਂ ਦੇ ਸਿਰ ਲੱਥ ਗਏ। ਬਾਬਾ ਗੁਰਬਖ਼ਸ਼ ਸਿੰਘ ਜੀ ਦਾ ਧੜ ਬਿਨਾਂ ਸੀਸ ਤੋਂ ਲੜਨ ਲੱਗਾ ਜਿਸ ਨੂੰ ਫ਼ੌਜ ਕੇ ਮੁਗ਼ਲ ਫ਼ੌਜ ਨੱਸਣ ਲੱਗੀ, ਬਾਬਾ ਜੀ ਨੇ ਬਹੁਤ ਸਾਰੇ ਜ਼ਾਲਮਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਆਖ਼ਰ ਇੱਕ ਮੁਸਲਮਾਨ ਪੀਰ ਦੇ ਸਲਾਹ ਦੇਣ 'ਤੇ ਸੂਬਾ ਭੇਟਾ ਲੈ ਕੇ ਚਰਨੀਂ ਪਿਆ ਕਿ ਅੱਗੇ ਤੋਂ ਕੋਈ ਤੁਰਕ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਨਹੀਂ ਕਰੇਗਾ, ਸਾਡੇ ਪਿਛਲੇ ਗੁਨਾਹ ਮਾਫ਼ ਕਰੋ। ਇਹ ਸੁਣ ਕੇ ਬਾਬਾ ਗੁਰਬਖ਼ਸ਼ ਸਿੰਘ ਜੀ ਦਾ ਧੜ ਸ਼ਾਂਤ ਹੋ ਗਿਆ।



ਬਾਬਾ ਜੀ ਦਾ ਸਸਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪਿਛਲੇ ਪਾਸੇ ਕੀਤਾ ਗਿਆ ਜਿੱਥੇ ਬਾਬਾ ਜੀ ਦੀ ਯਾਦ 'ਚ ਗੁਰਦੁਆਰਾ ਸਾਹਿਬ ਸੁਭਾਇਮਾਨ ਹੈ।

**- ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ)**
**ਮੋ : 88722-93883.**

2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜੇ ਸਬੰਧੀ ਤਿਆਰੀਆਂ ਵਾਸਤੇ

# ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਮੀਟਿੰਗ



**ਤਰਨਤਾਰਨ, (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**- ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ 20ਵੀ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ 2 ਜੂਨ ਐਤਵਾਰ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਬਹੁਤ ਉਚ ਪੱਧਰ ਤੇ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਮੀਟਿੰਗ ਕੀਤੀ ਗਈ। 2 ਜੂਨ ਨੂੰ ਬੱਸਾਂ ਦੇ ਕਾਫਲੇ ਨਾਲ ਪਿੰਡ ਰੋਡੇ ਵਿਖੇ ਸੰਗਤਾਂ ਦੀ ਸ਼ਮੂਲੀਅਤ ਕਰਨ ਲਈ ਸਮੂਹ ਆਗੂ ਸਾਹਿਬਾਨਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਮੀਟਿੰਗ ਵਿੱਚ ਪਹੁੰਚੇ ਸਾਰੇ ਪਤਵੰਤਿਆਂ ਨੇ ਆਪਣੇ ਵਿਚਾਰ ਦੱਸੇ। ਇਸ ਮੌਕੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨ ਤਾਰਨ , ਸ੍ਰ ਸਤਿੰਦਰਪਾਲ ਸਿੰਘ ਜੀ ਮਿੱਟੂ ਮਾੜੀ ਮੇਘਾ ਹਲਕਾ ਇੰਚਾਰਜ ਖੇਮਕਰਨ, ਬਾਬਾ ਗੁਰਸਾਹਿਬ ਸਿੰਘ ਜੀ ਮੁੱਖ ਸੇਵਾਦਾਰ ਗੁਰਮਤਿ ਸਮਾਗਮ ਵਰਨਾਲਾ, ਡਾਕਟਰ ਗੁਰਬਖਸ਼ ਸਿੰਘ ਜੀ ਵਰਨਾਲਾ, ਸ੍ਰ ਜੈਪਾਲ ਸਿੰਘ, ਸ੍ਰ ਸੰਦੀਪ ਸਿੰਘ, ਸ੍ਰ ਗੁਰਬਖਸ਼ ਸਿੰਘ ਹਾਜਰ ਸਨ।

ਸੰਧੂ ਸਮੁੰਦਰੀ ਨੇ ਮਜੀਠਾ ਵਿਖੇ ਪ੍ਰਵਾਸੀ ਮਜ਼ਦੂਰਾਂ ਦੇ ਘਰ ਉਨ੍ਹਾਂ ਨਾਲ ਭੋਜਨ ਕੀਤਾ

# ਸਾਨੂੰ ਇਸ ਗਲ ਦੀ ਬੜੀ ਖ਼ੁਸ਼ੀ ਤੇ ਤਸੱਲੀ ਹੈ ਕਿ ਸਾਡੀ ਬਾਂਹ ਫੜਨ ਵਾਲਾ ਹੁਣ ਆਗਿਆ ਹੈ : ਪ੍ਰਵਾਸੀ ਧਰਮਪਾਲ ਕੁਲੀਆਂ

**ਮਜੀਠਾ/ਅੰਮ੍ਰਿਤਸਰ, 14 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਹਲਕਾ ਮਜੀਠਾ ਦੇ ਪਿੰਡ ਗਾਲੋਵਾਲੀ ਕੁਲੀਆਂ ਵਿਖੇ ਪ੍ਰਵਾਸੀ ਮਜ਼ਦੂਰਾਂ ਦੀ ਠਾਠਾਂ ਮਾਰਦੀ ਇਕ ਚੋਣ ਰੈਲੀ ਨੂੰ ਸੰਬੋਧਨ ਕੀਤਾ। ਉਪਰੰਤ ਉਨ੍ਹਾਂ ਪਰਵਾਸੀ ਮਜ਼ਦੂਰ ਧਰਮਪਾਲ ਦੇ ਘਰ ਪ੍ਰਵਾਸੀਆਂ ਭਾਈਚਾਰੇ ਦੇ ਨਾਲ ਪੰਗਤ ਵਿਚ ਬੈਠ ਕੇ ਖਾਣਾ ਖਾਧਾ। ਇਸ ਮੌਕੇ ਪ੍ਰਵਾਸੀ ਧਰਮਪਾਲ ਨੇ ਕਿਹਾ ਕਿ ਕਿਸੇ ਵੀ ਲੀਡਰ ਨੇ ਸਾਡੇ ਨਾਲ ਬੈਠ ਕੇ ਖਾਣਾ ਖਾਣਾ ਤਾਂ ਦੂਰ ਇਥੇ ਆ ਕੇ ਸਾਡੀ ਸਾਰ ਵੀ ਨਹੀਂ ਲਈ ਹੈ। ਸਾਨੂੰ ਸਭ ਨੂੰ ਇਸ ਗਲ ਦੀ ਬੜੀ ਖ਼ੁਸ਼ੀ ਹੈ, ਸਾਡੀ ਸਾਰ ਲੈਣ ਵਾਲਾ, ਸਾਡੀ ਬਾਂਹ ਫੜਨ ਵਾਲਾ ਹੁਣ ਆਗਿਆ ਹੈ। ਅਸੀਂ ਸਾਰੇ ਪ੍ਰਵਾਸੀ ਭਾਈਚਾਰੇ ਨੇ ਇਹ ਫ਼ੈਸਲਾ ਲਿਆ ਹੈ ਕਿ ਅਸੀਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਭਾਰੀ ਵੋਟਾਂ ਪਾ ਕੇ ਜਿਤਾਉਣਾ ਹੈ। ਇਸ ਮੌਕੇ ਪ੍ਰਵਾਸੀ ਰਾਜਪਾਲ ਨੇ ਭਾਵਕ ਹੁੰਦਿਆਂ ਕਿਹਾ ਕਿ ਸੰਧੂ ਸਮੁੰਦਰੀ ਵਰਗੇ ਦਿਗਜ਼ ਆਗੂ ਅਤੇ ਸ਼ਖ਼ਸੀਅਤ ਦਾ ਸਾਡੇ ਕੋਲ ਆਉਣਾ ਅਤੇ ਸਾਡੇ ਵਿਚ ਬੈਠ ਕੇ ਖਾਣਾ ਖਾਣਾ ਸਾਨੂੰ ਬਹੁਤ ਵਧੀਆ ਲੱਗਿਆ। ਇਹ ਸਾਡੇ ਲਈ ਇਕ ਚੰਗਾ ਮੌਕਾ ਹੈ ਕਿ ਅਸੀਂ ਪਹਿਲਾਂ ਸੰਧੂ ਸਮੁੰਦਰੀ ਨੂੰ ਵੋਟਾਂ ਪਾ ਕੇ ਜਿਤਾਈਏ ਅਤੇ ਫਿਰ ਸਾਡੀਆਂ ਲੋੜਾਂ ਥੁੜਾਂ ਪੂਰੀਆਂ ਕਰਨ ਲਈ ਉਨ੍ਹਾਂ ਨੂੰ ਕਹੀਏ। ਇਸ ਮੌਕੇ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਪ੍ਰਵਾਸੀ ਭਾਈਚਾਰੇ ਨੇ ਸਾਨੂੰ ਬਹੁਤ ਹੀ ਸਨੇਹ ਅਤੇ ਪ੍ਰੇਮ ਨਾਲ ਘਰੇ ਬੁਲਾਇਆ ਅਤੇ ਸਾਨੂੰ ਸਵਾਦਿਸ਼ਟ ਖਾਣਾ ਖਵਾਇਆ। ਅਸੀਂ ਇਨ੍ਹਾਂ ਦਾ ਧੰਨਵਾਦੀ ਹਾਂ। ਇਹ ਸਾਡੇ ਪਰਿਵਾਰ ਦਾ ਹਿੱਸਾ ਹਨ। ਇਥੇ ਇਨ੍ਹਾਂ ਨੂੰ ਪਾਣੀ, ਛੱਪੜ, ਅਮਨ ਕਾਨੂੰਨ ਅਤੇ ਨਸ਼ੇ ਆਦਿ ਦੀ ਸਮੱਸਿਆ ਹੈ। ਇਥੇ ਕੋਈ ਸਕੂਲ ਨਹੀਂ ਹੈ। ਉਨ੍ਹਾਂ ਲੋਕਾਂ ਨੂੰ ਸ਼ਰਮ ਆਉਣੀ ਚਾਹੀਦੀ ਹੈ ਜੋ ਇਥੇ ਵਿਕਾਸ ਲਿਆਉਣ ਦੇ ਦਾਅਵੇ ਕਰਦੇ ਹਨ। ਉਨ੍ਹਾਂ ਨੂੰ ਝੂਠ ਬੋਲਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਮੈਂ ਨੂੰ ਖ਼ੁਸ਼ੀ ਹੈ ਕਿ ਲੋਕ ਵਿਕਾਸ ਬਾਰੇ ਚਰਚਾ ਕਰਨ ਲੱਗੇ ਹਨ। ਉਨ੍ਹਾਂ ਪ੍ਰਵਾਸੀ ਭਾਈਚਾਰੇ ਨੂੰ ਯਕੀਨ ਦਿਵਾਉਂਦਿਆਂ ਕਿਹਾ ਕਿ ਉਹ ਮਜੀਠਾ 'ਚ ਕਿਸੇ ਦੀ ਵੀ ਧੱਕੇਸ਼ਾਹੀ ਨਹੀਂ ਚਲਣ ਦੇਣਗੇ। ਸੰਧੂ ਸਮੁੰਦਰੀ ਨੇ ਕਿਹਾ ਕਿ ਮਜੀਠਾ ਅਤੇ ਅੰਮ੍ਰਿਤਸਰ ਦੇ ਵਿਕਾਸ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਕੀਮਾਂ ਲੋਕਾਂ ਤਕ ਸਿੱਧੀਆਂ ਪਹੁੰਚਣਗੀਆਂ। ਨਸ਼ਿਆਂ ਬਾਰੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਤੁਹਾਨੂੰ ਪਤਾ ਹੈ ਕਿ ਨਸ਼ਾ ਕੌਣ ਵਿਕਾ ਰਿਹਾ ਹੈ। ਕੌਣ ਇਸ ਦੀ ਸਰਪ੍ਰਸਤੀ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪੀੜੀ ਨੂੰ ਖ਼ਤਮ ਕਰਨ 'ਤੇ ਤੁਲੇ ਹੋਏ ਨਸ਼ੇ ਦੇ ਸੌਦਾਗਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਉਹ ਕਿੰਨਾ ਵੀ ਵੱਡਾ ਬੰਦਾ ਕਿਉਂ ਨਾ ਹੋਵੇ। ਉਨ੍ਹਾਂ ਕਿ ਨਸ਼ੇ 'ਚ ਲੱਗੇ ਨੌਜਵਾਨਾਂ ਨੂੰ ਅਮਰੀਕਨ ਦੁਆਈਆਂ ਰਾਹੀਂ ਮੁਫ਼ਤ ਇਲਾਜ ਦੀ ਸਹੂਲਤ ਦੇ ਕੇ ਉਨ੍ਹਾਂ ਦਾ ਮੁੜ ਵਸੇਬਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਤੁਸੀਂ ਇਕ ਜੂਨ ਨੂੰ ਕਮਲ ਦੇ ਫੁੱਲ ਦਾ ਬਟਨ ਦਬਾ ਕੇ ਭਾਜਪਾ ਨੂੰ ਵੋਟਾਂ ਪਾਉਣ ਦੀ ਖੇਚਲ ਜ਼ਰੂਰ ਕਰਨੀ ਹੈ। ਮੈਨੂੰ ਇੱਥੋਂ ਸਾਂਸਦ ਬਣਾ ਕੇ ਭੇਜੋਗੇ ਤਾਂ ਮੈਂ ਭਾਰਤ ਸਰਕਾਰ ਅਤੇ ਵਿਦੇਸ਼ੀ ਸਰੋਤਾਂ ਦੀ ਮਦਦ ਨਾਲ ਤੁਹਾਡੀ ਹਰ ਸਮੱਸਿਆ ਦਾ ਹੱਲ ਕਰਾਂਗਾ। ਇਸ ਮੌਕੇ ਹਲਕਾ ਮਜੀਠਾ ਦੇ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਨੇ ਕਿਹਾ ਕਿ ਭਾਜਪਾ ਹਾਈ ਕਮਾਨ ਨੇ ਸਾਨੂੰ ਉਮੀਦਵਾਰ ਸੰਧੂ ਸਮੁੰਦਰੀ ਦੇ ਰੂਪ ਵਿਚ ਇਕ ਚੰਗਾ ਤੇ ਕਾਬਲ ਇਨਸਾਨ ਦਿੱਤਾ ਹੈ। ਜੋ ਧਰਾਤਲ ਨਾਲ ਜੁੜੇ ਹੋਏ ਹਨ। ਪਰਵਾਸੀ ਪਰਿਵਾਰਾਂ ਨਾਲ ਪਰਿਵਾਰਕ ਤੌਰ 'ਤੇ ਖਾਣਾ ਖਾ ਕੇ ਉਨ੍ਹਾਂ ਨੇ ਲੋਕਾਂ ਦਾ ਲੀਡਰ ਹੋਣ ਦਾ ਪ੍ਰਮਾਣ ਦਿੱਤਾ ਹੈ। ਇਥੇ ਕੋਈ ਵੀ ਸਿਆਸੀ ਆਗੂ ਇਨ੍ਹਾਂ ਗ.ਰੀਬਾਂ ਦੀ ਸਾਰ ਲੈਣ ਨਹੀਂ ਆਇਆ ਹੈ। ਹੁਣ ਇਹ ਪ੍ਰਵਾਸੀ ਲੋਕ ਸੰਧੂ ਸਮੁੰਦਰੀ ਨੂੰ ਜਿਤਾਉਣ ਲਈ ਲੱਕ ਬੰਨ੍ਹ ਕੇ ਤੁਰੇ ਹਨ। ਇਸ ਮੌਕੇ ਰੈਲੀ ਨੂੰ ਯੋਗੀ ਡਾ. ਦਿਆ ਸ਼ੰਕਰ ਅਤੇ ਰਾਜਬੀਰ ਸ਼ਰਮਾ ਨੇ ਵੀ ਸੰਬੋਧਨ ਕੀਤੀ।





# ਡਾ. ਚੀਮਾ ਦੇ ਹੱਕ 'ਚ ਗੁਰਇਕਬਾਲ ਸਿੰਘ ਮਾਹਲ ਵਲੋਂ ਰੱਖੀ ਚੋਣ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ



**ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ, 14 ਮਈ (ਕੁਲਜੀਤ ਸਿੰਘ ਖੋਖਰ)**-ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਡਾ. ਦਲਜੀਤ ਸਿੰਘ ਚੀਮਾ ਦੇ ਹੱਕ 'ਚ ਕਾਦੀਆਂ ਤੋਂ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਵਲੋਂ ਪਿੰਡ ਮੁੰਨਣ ਵਿਚ ਪਾਰਟੀ ਆਗੂਆਂ ਤੇ ਵਰਕਰਾਂ ਦੀ ਰੱਖੀ ਚੋਣ ਮੀਟਿੰਗ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ। ਭਰਵੀਂ ਚੋਣ ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਡਾ. ਦਲਜੀਤ ਸਿੰਘ ਚੀਮਾ ਨੇ ਆਖਿਆ ਕਿ ਪੰਜਾਬ ਦੇ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਨੂੰ ਕੇਂਦਰ ਸਰਕਾਰ ਵਲੋਂ ਉਦਯੋਗਿਕ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ ਜਦੋਂਕਿ ਪੰਜਾਬ ਨੂੰ ਸਰਹੱਦੀ ਸੂਬਾ ਹੋਣ ਦੇ ਬਾਵਜੂਦ ਕਿਸੇ ਤਰ੍ਹਾਂ ਦੀ ਕੋਈ ਕੇਂਦਰੀ ਸਹੂਲਤ ਨਹੀਂ ਦਿੱਤੀ ਜਾਂਦੀ। ਉਨ੍ਹਾਂ ਆਖਿਆ ਕਿ ਜੇਕਰ ਪਾਕਿਸਤਾਨ ਨਾਲ ਅਟਾਰੀ ਸਰਹੱਦ ਰਸਤੇ ਵਪਾਰ ਖੋਲ੍ਹ ਦਿੱਤਾ ਜਾਵੇ ਤਾਂ ਪੰਜਾਬ ਤਰੱਕੀ ਦੀਆਂ ਲੀਹਾਂ 'ਤੇ ਦੌੜ ਸਕਦਾ ਹੈ। ਉਨ੍ਹਾਂ ਆਖਿਆ ਕਿ ਗੁਰਦਾਸਪੁਰ ਨੇ ਖੇਡਾਂ ਦੇ ਖੇਤਰ ਵਿਚ ਦੇਸ਼ ਨੂੰ ਵੱਡੇ ਖਿਡਾਰੀ ਦਿੱਤੇ ਹਨ ਪਰ ਸਰਕਾਰਾਂ ਇਸ ਜ਼ਿਲ੍ਹੇ ਵਿਚ ਅਜੇ ਤੱਕ ਕੋਈ ਕੌਮਾਂਤਰੀ ਪੱਧਰ ਦਾ ਖੇਡ ਸਟੇਡੀਅਮ ਹੀ ਨਹੀਂ ਬਣਵਾ ਸਕੀਆਂ। ਉਨ੍ਹਾਂ ਆਖਿਆ ਕਿ ਉਹ ਜਿੱਤਣ ਤੋਂ ਬਾਅਦ ਗੁਰਦਾਸਪੁਰ ਜ਼ਿਲ੍ਹੇ ਅੰਦਰ ਜਿੱਥੇ ਇਕ ਕੌਮਾਂਤਰੀ ਪੱਧਰ ਦਾ ਖੇਡ ਸਟੇਡੀਅਮ ਬਣਾਉਣਗੇ, ਉੱਥੇ ਸਿਹਤ, ਸਿੱਖਿਆ ਤੇ ਰੁਜ਼ਗਾਰ ਲਈ ਕੇਂਦਰੀ ਪੈਕੇਜ ਲੈ ਕੇ ਆਉਣਗੇ। ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਆਖਿਆ ਕਿ ਹੁਣ ਤੱਕ ਗੁਰਦਾਸਪੁਰ ਤੋਂ ਲੋਕ ਸਭਾ ਮੈਂਬਰਾਂ ਦੇ ਗੁੰਮਸ਼ੁਦਾ ਦੇ ਪੋਸਟਰ ਲੱਗਦੇ ਰਹੇ ਹਨ ਪਰ ਇਸ ਵਾਰ ਹਲਕੇ ਨੂੰ ਆਪਣਾ ਉਮੀਦਵਾਰ ਡਾ. ਦਲਜੀਤ ਸਿੰਘ ਚੀਮਾ ਦੇ ਰੂਪ ਵਿਚ ਮਿਲਿਆ ਹੈ, ਜਿਨ੍ਹਾਂ ਦੀ ਜਨਮ ਭੂਮੀ ਵੀ ਗੁਰਦਾਸਪੁਰ ਹੈ। ਉਨ੍ਹਾਂ ਆਖਿਆ ਕਿ ਡਾ. ਚੀਮਾ ਨੂੰ ਵੱਡੇ ਫਰਕ ਨਾਲ ਜਿਤਾਉਣ ਲਈ ਅਕਾਲੀ ਵਰਕਰ ਦਿਨ-ਰਾਤ ਇਕ ਕਰ ਦੇਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਤੁਗਲਵਾਲ, ਸੋਨੀ ਚੱਡਾ, ਰਾਜ ਸਿੰਘ ਨਨੂੰ, ਬਲਜਿੰਦਰ ਸਿੰਘ ਨਨੂੰ, ਬਲਕਾਰ ਸਿੰਘ ਫੁੱਲੜਾ, ਅਸ਼ੋਕ ਨਨੂੰ, ਡਾ. ਗੁਰਵਿੰਦਰ ਸਿੰਘ ਰਾਮਪੁਰ, ਅਵਤਾਰ ਸਿੰਘ ਬੁੱਢੇ ਚੱਕ, ਗੁਰਦਿਆਲ ਸਿੰਘ ਡੀ.ਸੀ. ਅਤੇ ਗੁਰਿੰਦਰ ਸਿੰਘ ਲਾਡੀ ਸਮੇਤ ਵੱਡੀ ਗਿਣਤੀ ਅਕਾਲੀ ਵਰਕਰ ਹਾਜ਼ਰ ਸਨ।

# ਕੇਂਦਰ ਦੀ ਸੱਤਾਧਾਰੀ ਭਾਜਪਾ ਤੇ ਪੰਜਾਬ ਦੀ ਆਪ ਸਰਕਾਰ ਨੇ ਮਿਲ ਕੇ ਪੰਜਾਬ ਦੇ ਕਿਸਾਨਾਂ 'ਤੇ ਜਬਰ ਢਾਹਿਆ- ਡਾ. ਚੀਮਾ

## ਪਿੰਡ ਫੇਰੋਚੋਚੀ ਵਿਖੇ ਅਕਾਲੀ ਉਮੀਦਵਾਰ ਡਾ. ਚੀਮਾ ਦੇ ਹੱਕ 'ਚ ਚੋਣ ਮੀਟਿੰਗ



**ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ, 14 ਮਈ (ਕੁਲਜੀਤ ਸਿੰਘ ਖੋਖਰ)**-ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਡਾ. ਦਲਜੀਤ ਸਿੰਘ ਚੀਮਾ ਦੇ ਹੱਕ ਵਿਚ ਕਾਦੀਆਂ ਦੇ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਦੀ ਅਗਵਾਈ ਵਿਚ ਪਿੰਡ ਫੇਰੋਚੋਚੀ ਵਿਖੇ ਅਕਾਲੀ ਆਗੂ ਕੁਲਵਿੰਦਰ ਸਿੰਘ ਬੱਬੂ ਸਰਪੰਚ ਦੇ ਗ੍ਰਹਿ ਵਿਖੇ ਪਾਰਟੀ ਵਰਕਰਾਂ ਅਤੇ ਪਤਵੰਤਿਆਂ ਦੀ ਭਰਵੀਂ ਚੋਣ ਮੀਟਿੰਗ ਹੋਈ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਚੀਮਾ ਨੇ ਆਖਿਆ ਕਿ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਤੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਮ-ਮਸ਼ਵਰਾ ਹੋ ਕੇ ਪੰਜਾਬ ਦੇ ਕਿਸਾਨਾਂ ਉੱਤੇ ਜਬਰ ਢਾਹਿਆ ਹੈ। ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਲਈ ਦਿੱਲੀ ਜਾਣ ਵਾਲੇ ਪੰਜਾਬ ਦੇ ਕਿਸਾਨਾਂ ਨੂੰ ਸ਼ੰਭੂ ਹੱਦ 'ਤੇ ਰੋਕ ਕੇ ਹਰਿਆਣਾ ਦੀ ਪੁਲਿਸ ਵਲੋਂ ਪੰਜਾਬ ਵਿਚ ਵੜ ਕੇ ਉਨ੍ਹਾਂ ਉੱਤੇ ਡਾਂਗਾਂ, ਹੰਝੂ ਗੈਸ, ਪਾਣੀ ਦੀਆਂ ਤੋਪਾਂ ਅਤੇ ਸਿੱਧੀਆਂ ਗੋਲੀਆਂ ਵਰ੍ਹਾਈਆਂ ਗਈਆਂ, ਇਸ ਦੌਰਾਨ ਇਕ ਨੌਜਵਾਨ ਸ਼ੁੱਭਕਰਨ ਸਿੰਘ ਦੀ ਮੌਤ ਵੀ ਹੋ ਗਈ ਪਰ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਅੰਦਰਖਾਤੇ ਕਿਸਾਨਾਂ ਵਿਰੁੱਧ ਕੇਂਦਰ ਸਰਕਾਰ ਨਾਲ ਮਿਲੀਭੁਗਤ ਹੋਣ ਕਾਰਨ ਹਰਿਆਣਾ ਪੁਲਿਸ ਉੱਤੇ ਕਾਨੂੰਨ ਅਨੁਸਾਰ ਬਣਦੀ ਕੋਈ ਵੀ ਕਾਰਵਾਈ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਗੁਟਕਾ ਸਾਹਿਬ ਦੀ ਝੂਠੀ ਸਹੁੰ ਚੁੱਕ ਕੇ ਪੰਜਾਬ ਵਿਚ ਪੰਜ ਸਾਲ ਰਾਜ ਕੀਤਾ ਪਰ ਜਨਤਾ ਨਾਲ ਕੀਤੇ ਕਿਸੇ ਵੀ ਵਾਅਦੇ ਨੂੰ ਪੂਰਾ ਨਹੀਂ ਕੀਤਾ। ਉਨ੍ਹਾਂ ਆਖਿਆ ਕਿ ਇਸ ਵਾਰ ਪੰਜਾਬ ਦੇ ਲੋਕ ਧੋਖੇ ਦਾ ਸ਼ਿਕਾਰ ਨਹੀਂ ਹੋਣਗੇ ਅਤੇ ਪੰਜਾਬ ਤੇ ਪੰਥ ਦੀ ਪਹਿਰੇਦਾਰ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਵੱਡੇ ਬਹੁਮਤ ਨਾਲ ਜਿਤਾ ਕੇ ਲੋਕ ਸਭਾ ਵਿਚ ਭੇਜਣਗੇ। ਇਸ ਮੌਕੇ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਕਿਹਾ ਕਿ ਪੰਜਾਬ ਵਿਚ ਅਕਾਲੀ ਸਰਕਾਰਾਂ ਦੌਰਾਨ ਸਿੱਖ ਇਤਿਹਾਸ ਦੀਆਂ ਯਾਦਗਾਰਾਂ ਬਣਾਈਆਂ ਗਈਆਂ ਅਤੇ ਵਿਰਾਸਤਾਂ ਸਾਂਭੀਆਂ ਗਈਆਂ। ਕਾਹਨੂੰਵਾਨ ਦੇ ਛੰਭ ਵਿਚ ਕਰੋੜਾਂ ਰੁਪਏ ਦੀ ਲਾਗਤ ਨਾਲ ਛੋਟਾ ਘੱਲੂਘਾਰਾ ਯਾਦਗਾਰੀ ਸਮਾਰਕ ਅਕਾਲੀ ਸਰਕਾਰ ਦੌਰਾਨ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਬਣਵਾਇਆ ਸੀ। ਉਨ੍ਹਾਂ ਅਪੀਲ ਕੀਤੀ ਕਿ ਡਾ. ਚੀਮਾ ਨੂੰ ਵੱਡੇ ਬਹੁਮਤ ਨਾਲ ਜਿਤਾ ਕੇ ਲੋਕ ਸਭਾ ਵਿਚ ਭੇਜਿਆ ਜਾਵੇ ਤਾਂ ਜੋ ਉਹ ਲੋਕ ਸਭਾ ਹਲਕਾ ਗੁਰਦਾਸਪੁਰ ਦਾ ਸਰਬਪੱਖੀ ਵਿਕਾਸ ਕਰਵਾਉਣ ਲਈ ਕੇਂਦਰੀ ਫੰਡ ਲਿਆ ਸਕਣ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੀ ਮੀਤ ਪ੍ਰਧਾਨ ਬੀਬੀ ਸ਼ਰਨਜੀਤ ਕੌਰ ਜਿੰਦੜ, ਪ੍ਰੇਮ ਸਿੰਘ ਪ੍ਰੇਮਾ, ਵਿਜੇ ਕੌਂਸਲਰ, ਗਿੰਨੀ ਭਾਟੀਆ ਕੌਂਸਲਰ, ਕੁਲਵਿੰਦਰ ਸਿੰਘ, ਸਤਨਾਮ ਸਿੰਘ, ਅਨੋਖ ਸਿੰਘ ਘੋੜੇਵਾਹ, ਵਕੀਲ ਹਰਪਾਲ ਸਿੰਘ, ਨਵਦੀਪ ਸਿੰਘ ਸਰਕਲ ਪ੍ਰਧਾਨ, ਸਰਬਜੀਤ ਸਿੰਘ ਖਾਲਸਾ, ਮਨੋਹਰ ਸਿੰਘ, ਨਿਰੰਜਨ ਸਿੰਘ, ਨੰਬਰਦਾਰ ਹਰਬੰਸ ਸਿੰਘ, ਕੁਲਵੰਤ ਸਿੰਘ, ਸਤਨਾਮ ਸਿੰਘ ਅਤੇ ਰਾਮ ਮੋਹਿਤ ਆਦਿ ਵੀ ਹਾਜ਼ਰ ਸਨ।

ਗੁਰੂ ਨਾਨਕ ਗੁਰਦਵਾਰਾ ਸਮੈਦਿਕ ਵਿਖੇ

# ਅਮਰ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਦੀ 40 ਵੇਂ ਸ਼ਹੀਦੀ ਦਿਹਾੜੇ ਤੇ ਦੇਸ਼ ਵਿਦੇਸ਼ਾਂ ਤੋਂ ਪਹੁੰਚੀਆਂ ਸੰਗਤਾਂ ਨੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ

## ਸ਼ਹੀਦ ਪਰਿਵਾਰਾਂ ਦਾ ਕੀਤਾ ਗਿਆ ਸਨਮਾਨ











ਸਮੈਦਿਕ, 14 ਮਈ (ਆਵਾਜ਼ਿ ਕੌਮ ਬਿਊਰੋ)–ਗੁਰੂ ਨਾਨਕ ਗੁਰਦਵਾਰਾ ਸਮੈਦਿਕ ਵਿਖੇ ਅਮਰ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਦੀ 40 ਵੇਂ ਸ਼ਹੀਦੀ ਦਿਹਾੜੇ ਤੇ ਦੇਸ਼ ਵਿਦੇਸ਼ਾਂ ਤੋਂ ਪਹੁੰਚੀਆਂ ਸੰਗਤਾਂ ਨੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ ਸ਼ਹੀਦ ਪਰਿਵਾਰਾਂ ਦਾ ਕੀਤਾ ਗਿਆ ਸਨਮਾਨ। ਅਮਰ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਦੇ ਭੈਣ ਜੀ ਭੈਣ ਗੁਰਵਿੰਦਰ ਕੌਰ ਨੇ ਵੀ ਸੰਗਤਾਂ ਨਾਲ ਵੀਚਾਰ ਸਾਂਝੇ ਕੀਤੇ ਅਤੇ ਆਏ ਹੋਏ ਸਮੂੰਹ ਪੰਥਕ ਬੁਲਾਰੇ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਇਸ ਮੌਕੇ ਸਿੱਖ ਫੈਡਰੇਸ਼ਨ ਯੂ ਕੇ ਦੇ ਸੀਨੀਅਰ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ ਵਲੋਂ ਭੈਣ ਜੀ ਗੁਰਵਿੰਦਰ ਕੌਰ ਜੀ ਦਾ ਸਿਰਪਾਉ ਨਾਲ ਸਨਮਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਲਖਨੌਰ ਸਾਹਿਬ ਅੰਬਾਲਾ ਵਿਖੇ

# ਗੁਰੂਘਰ ਅਤੇ ਗੁਰੂ ਕੀਆਂ ਨਿਸ਼ਾਨੀਆਂ ਦੇ ਦਰਸ਼ਨ ਦੀਦਾਰ ਕਰਵਾਏ ਅਤੇ "ਮਹਾਨ ਗੁਰਮਤਿ ਸਮਾਗਮ' ਦਾ ਆਯੋਜਨ

















ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੇ ਪੇਕੇ ਪਿੰਡ ਅਤੇ ਧੰਨ ਧੰਨ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਨਾਨਕੇ ਨਗਰ ਲਖਨੌਰ ਸਾਹਿਬ ਅੰਬਾਲਾ ਵਿਖੇ ਗੁਰੂਘਰ ਅਤੇ ਗੁਰੂ ਕੀਆਂ ਨਿਸ਼ਾਨੀਆਂ ਦੇ ਦਰਸ਼ਨ ਦੀਦਾਰ ਕੀਤੇ "ਮਹਾਨ ਗੁਰਮਤਿ ਸਮਾਗਮ" ਵਿੱਚ ਸਿੱਖ ਸੰਗਤ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਸਮੇਂ ਸੰਤ ਹਰਬੰਸ ਸਿੰਘ ਰਵਾਲੋਂ,ਸ.ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ,ਸ.ਸਰਬਜੀਤ ਸਿੰਘ ਜੰਮੂ ਧਰਮ ਪ੍ਰਚਾਰ ਸਕੱਤਰ,ਸ.ਕੁਲਦੀਪ ਸਿੰਘ ਭਾਣੋਖੇੜੀ ਮੀਤ ਸਕੱਤਰ,ਜਥੇਦਾਰ ਸੁਖਦੇਵ ਸਿੰਘ ਗੋਬਿੰਦਗੜ੍ਹ,ਢਾਡੀ ਗੁਰਮੇਲ ਸਿੰਘ ਕਲੇਰ,ਪ੍ਰਚਾਰਕ ਗੁਰਜੋਤ ਸਿੰਘ ਨਲਵੀ HSGMC ,ਪ੍ਰਚਾਰਕ ਮਨਪ੍ਰੀਤ ਸਿੰਘ HSGMC,ਮੈਨੇਜਰ ਹਰਭਜਨ ਸਿੰਘ ਲਖਨੌਰ ਸਾਹਿਬ ਵੀ ਹਾਜ਼ਰ ਸਨ। **(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੂਰਜਕੁੰਡ ਸਾਹਿਬ ਪਾਤਸ਼ਾਹੀ ਦਸਵੀਂ ਪਿੰਡ ਸਰਸੇੜੀ ਅੰਬਾਲਾ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਸਿੱਖ ਸੰਗਤਾਂ ਨਾਲ ਗੁਰੂ ਘਰ ਦੀ ਸੇਵਾ ਨੂੰ ਚੜ੍ਹਦੀਕਲਾ ਵਿੱਚ ਕਰਨ ਵਾਸਤੇ ਵਿਚਾਰ ਵਟਾਂਦਰਾ










ਆਵਾਜ਼ਿ ਕੌਮ AWAZE QAUM International Newspaper & WEB TV





ਗੁਰਦੁਆਰਾ ਸੂਰਜਕੁੰਡ ਸਾਹਿਬ ਪਾਤਸ਼ਾਹੀ ਦਸਵੀਂ ਪਿੰਡ ਸਰਸੇੜੀ ਅੰਬਾਲਾ ਵਿਖੇ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਾਥੀਆਂ ਸਮੇਤ ਦਰਸ਼ਨ ਦੀਦਾਰੇ ਕੀਤੇ ਅਤੇ ਇਲਾਕੇ ਦੀਆਂ ਸਿੱਖ ਸੰਗਤਾਂ ਨਾਲ ਗੁਰੂ ਘਰ ਦੀ ਸੇਵਾ ਨੂੰ ਚੜਦੀਕਲਾ ਵਿੱਚ ਕਰਨ ਵਾਸਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ 'ਚ ਸਿੱਖ ਸੰਗਤਾਂ ਹਾਜ਼ਰ ਸਨ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੀਥਰ ਅਕੈਡਮੀ ਇੰਡੀਆ ਦੇ ਪ੍ਰਮੁੱਖ ਮੁਹੰਮਦ ਤਾਹਿਰ ਮਲਿਕ ਦੀਆਂ ਸਿਸਟਰ ਨਸਰੀਨ ਮਲਿਕ ਅਤੇ ਮਹਜ਼ਬੀਨ ਮਲਿਕ ਦੇ 12 ਮਈ 2024 ਨੂੰ ਨਿਕਾਹ ਸਮੇਂ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਾਜ਼ਰੀ ਭਰੀ ਅਤੇ ਧੀਆਂ ਨੂੰ ਅਸ਼ੀਰਵਾਦ ਦੇ ਕੇ ਵਿਦਾ ਕੀਤਾ









ਮੀਥਰ ਅਕੈਡਮੀ ਇੰਡੀਆ ਦੇ ਪ੍ਰਮੁੱਖ ਮੁਹੰਮਦ ਤਾਹਿਰ ਮਲਿਕ ਦੀਆਂ ਸਿਸਟਰ ਨਸਰੀਨ ਮਲਿਕ ਅਤੇ ਮਹਜ਼ਬੀਨ ਮਲਿਕ ਦੇ 12 ਮਈ 2024 ਨੂੰ ਨਿਕਾਹ ਸਮੇਂ ਬਿਜ਼ਨੌਰ ਯੂਪੀ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮੀਥਰ ਟੀਮ ਜਗਤਾਰ ਸਿੰਘ ਨਹਿਲ,ਗੁਰਪੇਜ ਸਿੰਘ ਵਿਰਕ,ਅੰਮ੍ਰਿਤਪਾਲ ਸਿੰਘ ਸੰਗਰੂਰ ਨੇ ਹਾਜ਼ਰੀ ਭਰੀ ਅਤੇ ਧੀਆਂ ਨੂੰ ਅਸ਼ੀਰਵਾਦ ਦੇ ਕੇ ਵਿਦਾ ਕੀਤਾ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243